ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਵੀਰਵਾਰ, 4 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੨੨ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## ਸੁਖਬੀਰ ਦੀਆਂ ਨਜ਼ਰਾਂ 'ਚ 10 ਉਮੀਦਵਾਰ ਲੱਗਭਗ ਤੈਅ ! 3 ਸੀਟਾਂ ਬਾਰੇ ਚੱਲ ਰਹੀਆਂ ਵਿਚਾਰਾਂ

**ਲੁਧਿਆਣਾ, 3 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਭਾਵੇਂ ਮੰਗਲਵਾਰ ਨੂੰ ਚੰਡੀਗੜ੍ਹ ਵਿਖੇ ਅਕਾਲੀ ਦਲ ਦੇ ਨੇਤਾਵਾਂ ਨਾਲ ਲੰਬੀਆਂ-ਚੌੜੀਆਂ ਮੀਟਿੰਗਾਂ ਕੀਤੀਆਂ ਹਨ ਅਤੇ ਸਾਰੇ ਆਗੂਆਂ ਦੇ ਵਿਚਾਰ ਵੀ ਸੁਣੇ ਹਨ ਪਰ ਭਾਜਪਾ ਨਾਲੋਂ ਵੱਖ ਹੋਣ 'ਤੇ ਪਹਿਲੀ ਵਾਰ ਪੰਜਾਬ 'ਚ ਲੋਕ ਸਭਾ ਦੀ ਚੋਣ ਲੜਾਉਣ ਜਾ ਰਹੇ ਹਨ। ਸੁਖਬੀਰ ਬਾਦਲ ਨੇ 13 'ਚੋਂ 10 ਸੀਟਾਂ ਲਈ ਉਮੀਦਵਾਰਾਂ ਦੇ ਨਾਂ ਲਗਭਗ ਤੈਅ ਕਰ ਲੈਣ ਦੀਆਂ ਖ਼ਬਰਾਂ ਹਨ। ਪਤਾ ਲੱਗਾ ਹੈ ਕਿ ਬਠਿੰਡੇ ਤੋਂ ਬੀਬਾ ਹਰਸਿਮਰਤ ਕੌਰ ਬਾਦਲ, ਸੰਗਰੂਰ ਤੋਂ ਪਰਮਿੰਦਰ ਸਿੰਘ ਢੀਂਡਸਾ, ਪਟਿਆਲਾ ਤੋਂ ਸੁਰਜੀਤ ਸਿੰਘ ਰੱਖੜਾ, ਸ੍ਰੀ ਅਨੰਦਪੁਰ ਸਾਹਿਬ ਤੋਂ ਪ੍ਰੋ. ਚੰਦੂਮਾਜਰਾ ਜਾਂ ਡਾ. ਚੀਮਾ, ਜਲੰਧਰ ਤੋਂ ਪਵਨ ਟੀਨੂ, ਅੰਮ੍ਰਿਤਸਰ ਤੋਂ ਅਨਿਲ ਜੋਸ਼ੀ, ਖਡੂਰ ਸਾਹਿਬ ਤੋਂ ਬਿਕਰਮ ਮਜੀਠੀਆ, ਫਿਰੋਜ਼ਪੁਰ ਤੋਂ ਰੋਜ਼ੀ ਮਾਨ, ਲੁਧਿਆਣਾ ਤੋਂ ਰਣਜੀਤ ਸਿੰਘ ਢਿੱਲੋਂ ਜਾਂ ਕਾਕਾ ਸੂਦ, ਫ਼ਤਿਹਗੜ੍ਹ ਸਾਹਿਬ ਤੋਂ ਬਿਕਰਮ ਸਿੰਘ ਖਾਲਸਾ, ਜਦੋਂਕਿ 3 ਹਲਕੇ ਫਰੀਦਕੋਟ, ਹੁਸ਼ਿਆਰਪੁਰ ਅਤੇ ਗੁਰਦਾਸਪੁਰ ਬਾਰੇ ਅਜੇ ਉਹ ਗੰਭੀਰਤਾ ਨਾਲ ਸੋਚਦੇ ਦੱਸੇ ਜਾ ਰਹੇ ਹਨ। ਇਹ ਵੀ ਪਤਾ ਲੱਗਾ ਹੈ ਕਿ ਉਕਤ ਉਮੀਦਵਾਰ ਚੋਣ ਲੜਨ ਦੇ ਦਾਅਵੇਦਾਰਾਂ ਨੂੰ ਅੰਦਰਖਾਤੇ ਝੰਡੀ ਦੇ ਦਿੱਤੀ ਹੈ। ਖ਼ਬਰ ਇਹ ਵੀ ਹੈ ਕਿ ਚੋਣਾਂ 'ਚ ਅਜੇ ਸਮਾਂ ਹੋਣ ਕਰ ਕੇ ਇਨ੍ਹਾਂ ਦੇ ਨਾਵਾਂ ਦਾ ਐਲਾਨ ਸੁਖਬੀਰ ਸਿੰਘ ਬਾਦਲ ਮੌਕਾ ਦੇਖ ਕੇ ਕਰਨਗੇ।

### ਪੀਐਮ ਦਾ ਕਾਫਿਲਾ ਰੁੱਕਣ ਪਿੱਛੇ ਸੀ ਚੰਨੀ ਦਾ ਹੱਥ

# ਰਵਨੀਤ ਬਿੱਟੂ ਖੋਲ੍ਹਣ ਲੱਗਾ ਕਾਂਗਰਸੀਆਂ ਦੀਆਂ ਪੋਲਾਂ







**ਚੰਡੀਗੜ੍ਹ, 3 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਦਾ ਫੁੱਲ ਫੜ੍ਹਦੇ ਸਾਰ ਹੀ ਕੱਟੜ ਕਾਂਗਰਸੀ ਤੋਂ ਭਾਜਪਾਈ ਬਣੇ ਰਵਨੀਤ ਸਿੰਘ ਬਿੱਟੂ ਨੇ ਹੁਣ ਆਪਣੀ ਪੁਰਾਣੀ ਪਾਰਟੀ ਦੇ ਲੀਡਰਾਂ 'ਤੇ ਨਿਸ਼ਾਨੇ ਲਗਾਉਣੇ ਸ਼ੁਰੂ ਕਰ ਦਿੱਤੇ ਹਨ। ਇੱਥੋਂ ਤੱਕ ਕੇ ਕਾਂਗਰਸ ਦੀਆਂ ਪੋਲਾਂ ਖੋਲ੍ਹਣੀਆਂ ਸ਼ੁਰੂ ਕਰ ਦਿੱਤੀਆਂ ਹਨ। ਤੁਹਾਨੂੰ ਯਾਦ ਹੋਵੇਗਾ ਕਿ ਇੱਕ ਵਾਰ ਪੰਜਾਬ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਕਾਫਿਲਾ ਰੋਕਿਆ ਗਿਆ ਸੀ, ਇਸ ਮਾਮਲੇ ਦੀ ਜਾਂਚ ਵੀ ਚੱਲ ਰਹੀ ਹੈ ਕਈ ਪੁਲਿਸ ਅਫ਼ਸਰ ਦੋਸ਼ੀ ਪਾਏ ਗਏ ਹਨ ਕਈਆਂ ਤੇ ਕਾਰਵਾਈ ਵੀ ਹੋਈ ਹੈ। ਹੁਣ ਰਵਨੀਤ ਬਿੱਟੂ ਨੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਕਿਉਂਕਿ ਉਸ ਸਮੇਂ ਕਾਂਗਰਸ ਦੀ ਸਰਕਾਰ ਵਿੱਚ ਚਰਨਜੀਤ ਸਿੰਘ ਚੰਨੀ ਸੀਐਮ ਸਨ। ਰਵਨੀਤ ਬਿੱਟੂ ਨੇ ਕਿਹਾ ਕਿ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਫਿਰੋਜ਼ਪੁਰ ਦਾ ਦੌਰਾ ਕਰਨਾ ਸੀ ਤਾਂ ਉਨ੍ਹਾਂ ਦੇ ਕਾਫਲੇ ਨੂੰ ਰੋਕਣ ਪਿੱਛੇ ਚਰਨਜੀਤ ਸਿੰਘ ਚੰਨੀ ਦਾ ਹੱਥ ਸੀ। ਚੰਨੀ ਨੇ 15-20 ਲੋਕ ਭੇਜ ਕੇ ਮੋਦੀ ਦੇ ਕਾਫ਼ਲੇ ਨੂੰ ਰੋਕਿਆ ਸੀ। ਰਵਨੀਤ ਬਿੱਟੂ ਨੇ ਕਿਹਾ ਕਿ ਖਰਾਬ ਮੌਸਮ ਕਾਰਨ ਮੋਦੀ ਪੰਜਾਬ 'ਚ ਨਵੇਂ ਪ੍ਰੋਜੈਕਟਾਂ ਦਾ ਐਲਾਨ ਕਰਨ ਲਈ ਹੈਲੀਕਾਪਟਰ ਤੋਂ ਰਵਾਨਾ ਹੋ ਕੇ ਸੜਕ ਰਾਹੀਂ ਫ਼ਿਰੋਜ਼ਪੁਰ ਪਹੁੰਚ ਰਹੇ ਸਨ। ਬਿੱਟੂ ਨੇ ਕਿਹਾ ਕਿ ਉਸ ਦਿਨ ਪ੍ਰਧਾਨ ਮੰਤਰੀ ਨੇ ਵੀ ਪੰਜਾਬ ਨੂੰ ਸਬਸਿਡੀ ਦੇਣ ਦਾ ਐਲਾਨ ਕਰਨਾ ਸੀ ਕਿਉਂਕਿ ਇਹ ਸਰਹੱਦੀ ਸੂਬਾ ਹੈ। ਬਿੱਟੂ ਨੇ ਕਿਹਾ ਕਿ ਹੁਣ ਤੱਕ ਪੰਜਾਬ ਵਿੱਚ ਕਈ ਵੱਡੇ ਉਦਯੋਗ ਸਥਾਪਿਤ ਹੋ ਜਾਣੇ ਸਨ। ਪ੍ਰਧਾਨ ਮੰਤਰੀ ਦੇ ਕਾਫਲੇ ਨੂੰ 5 ਫਰਵਰੀ 2022 ਨੂੰ ਰੋਕਿਆ ਗਿਆ ਸੀ। 5 ਜਨਵਰੀ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੀ ਪੰਜਾਬ ਫੇਰੀ ਦੌਰਾਨ ਫਿਰੋਜ਼ਪੁਰ ਵਿਖੇ ਰੈਲੀ ਅਤੇ ਹੁਸੈਨੀਵਾਲਾ ਵਿਖੇ ਨਤਮਸਤਕ ਹੋਣਾ ਸੀ। ਪੰਜਾਬ ਲਈ ਕਈ ਯੋਜਨਾਵਾਂ ਦੀ ਸ਼ੁਰੂਆਤ ਵੀ ਇਸ ਫੇਰੀ ਦੌਰਾਨ ਪ੍ਰਧਾਨ ਮੰਤਰੀ ਨੇ ਕਰਨੀ ਸੀ। ਖੇਤੀ ਕਾਨੂੰਨ ਰੱਦ ਕਰਨ ਤੋਂ ਬਾਅਦ ਪ੍ਰਧਾਨ ਮੰਤਰੀ ਦਾ ਇਹ ਪਹਿਲਾ ਪੰਜਾਬ ਦੌਰਾ ਅਤੇ ਭਾਜਪਾ ਦਾ ਵੱਡਾ ਸਿਆਸੀ ਪ੍ਰੋਗਰਾਮ ਸੀ। ਪ੍ਰਧਾਨ ਮੰਤਰੀ ਦੇ ਪੰਜਾਬ ਦੌਰੇ ਦੌਰਾਨ ਬਠਿੰਡਾ ਤੋਂ ਫ਼ਿਰੋਜ਼ਪੁਰ ਦਾ ਸਫਰ ਐਮਆਈ-17 ਹੈਲੀਕਾਪਟਰ ਰਾਹੀਂ ਕੀਤਾ ਜਾਣਾ ਸੀ। ਮੌਸਮ ਵਿੱਚ ਤਬਦੀਲੀ ਕਰਕੇ ਇਹ ਸਫ਼ਰ ਹੈਲੀਕਾਪਟਰ ਦੀ ਥਾਂ ਸੜਕ ਰਾਹੀਂ ਤੈਅ ਕਰਨ ਦਾ ਫੈਸਲਾ ਹੋਇਆ। ਪ੍ਰਧਾਨ ਮੰਤਰੀ ਨੇ ਸੜਕ ਰਾਹੀਂ ਬਠਿੰਡਾ ਤੋਂ ਸਫ਼ਰ ਕੀਤਾ। ਇਸ ਦੌਰਾਨ ਫਿਰੋਜ਼ਪੁਰ ਦੇ ਪਿੰਡ ਪਿਆਰੇਆਣਾ ਨੇੜੇ ਸੜਕ ਉੱਤੇ ਧਰਨਾ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਕਾਰਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਕਾਫ਼ਲਾ 15-20 ਮਿੰਟਾਂ ਤੱਕ ਰੁਕਿਆ। ਉਸ ਮਗਰੋਂ ਇਹ ਕਾਫ਼ਲਾ ਵਾਪਸ ਦਿੱਲੀ ਵੱਲ ਰਵਾਨਾ ਹੋ ਗਿਆ।




## ਕੈਨੇਡੀਅਨ ਸਿੱਖ ਐਮਪੀ ਜਗਮੀਤ ਸਿੰਘ ਨੂੰ ਉਸ ਦੀ ਜਾਨ ਨੂੰ ਖਤਰੇ ਬਾਰੇ ਦਿੱਤੀ ਗਈ ਸੀ ਚੇਤਾਵਨੀ, ਮਾਮਲੇ ਦੀ ਹੋਈ ਸੁਣਵਾਈ



**ਨਵੀਂ ਦਿੱਲੀ 3 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:-ਕੈਨੇਡਾ ਵਿਚ ਐਨਡੀਪੀ ਆਗੂ ਜਗਮੀਤ ਸਿੰਘ ਉਨ੍ਹਾਂ ਸਿੱਖ ਕੈਨੇਡੀਅਨਾਂ ਵਿੱਚੋਂ ਇੱਕ ਸੀ, ਜਿਨ੍ਹਾਂ ਨੂੰ ਪਿਛਲੇ ਸਾਲ ਬੀਸੀ ਵਿੱਚ ਇੱਕ ਸਿੱਖ ਕਾਰਕੁਨ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਤੋਂ ਬਾਅਦ ਆਪਣੀਆਂ ਜਾਨ ਲਈ ਸੰਭਾਵੀ ਖਤਰਿਆਂ ਬਾਰੇ ਚੇਤਾਵਨੀ ਦਿੱਤੀ ਗਈ ਸੀ, ਇਸ ਮਾਮਲੇ ਅੰਦਰ ਵਿਦੇਸ਼ੀ ਦਖਲਅੰਦਾਜ਼ੀ ਦੀ ਜਾਂਚ ਲਈ ਮੰਗਲਵਾਰ ਨੂੰ ਸੁਣਵਾਈ ਹੋਈ। ਇਹ ਚੇਤਾਵਨੀ, ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਇਸ ਦੋਸ਼ ਤੋਂ ਬਾਅਦ ਕਿ ਭਾਰਤ ਸਰਕਾਰ ਹਰਦੀਪ ਸਿੰਘ ਨਿੱਝਰ ਦੀ ਗੋਲੀ ਮਾਰ ਕੇ ਹੋਈ ਮੌਤ ਨਾਲ ਜੁੜੀ ਹੋਈ ਸੀ, ਲਿਬਰਲ, ਕੰਜ਼ਰਵੇਟਿਵ ਅਤੇ ਐਨਡੀਪੀ ਮੁਹਿੰਮ ਦੇ ਸੰਚਾਲਕਾਂ ਦੀ ਹੋਗ ਕਮਿਸ਼ਨ ਸਾਹਮਣੇ ਗਵਾਹੀ ਦੌਰਾਨ ਸਾਹਮਣੇ ਆਈ, ਜਿਸ ਨੇ ਇਸ ਦੌਰਾਨ ਵਿਦੇਸ਼ੀ ਦਖਲਅੰਦਾਜ਼ੀ ਨਾਲ ਆਪਣੇ ਤਜ਼ਰਬਿਆਂ ਦਾ ਵੇਰਵਾ ਦਿੱਤਾ। ਜਗਮੀਤ ਸਿੰਘ ਦੇ ਖਿਲਾਫ ਇਹ ਪੁੱਛਗਿੱਛ ਸਿੱਖ ਜਥੇਬੰਦੀਆਂ ਦੇ ਇੱਕ ਸਮੂਹ ਦੇ ਵਕੀਲ ਦੁਆਰਾ ਉਠਾਈ ਗਈ ਸੀ। ਜਗਮੀਤ ਸਿੰਘ ਦੀ ਪ੍ਰਮੁੱਖ ਸਕੱਤਰ ਐਨੀ ਮੈਕਗ੍ਰਾ ਨੇ ਕਿਹਾ ਕਿ ਉਹ ਰਾਸ਼ਟਰੀ ਸੁਰੱਖਿਆ ਕਾਰਨਾਂ ਕਰਕੇ ਟਿੱਪਣੀ ਨਹੀਂ ਕਰ ਸਕਦੀ। ਕੈਨੇਡੀਅਨ ਮੀਡੀਆ ਵਿਚ ਜਾਰੀ ਹੋਈ ਖ਼ਬਰ ਮੁਤਾਬਿਕ ਜਗਮੀਤ ਸਿੰਘ ਬਾਰੇ ਖੁਲਾਸੇ ਨੇ ਕੈਨੇਡਾ ਦੇ ਲੋਕਤੰਤਰੀ ਪ੍ਰਣਾਲੀਆਂ ਅਤੇ ਇਸ ਦੇ ਸਿਆਸਤਦਾਨਾਂ ਲਈ ਸੰਭਾਵੀ ਖਤਰੇ ਦੇ ਵਿਦੇਸ਼ੀ ਰਾਜਾਂ ਦੇ ਦੋਸ਼ਾਂ ਬਾਰੇ ਵਿਸਥਾਰ ਨਾਲ ਜੋੜਿਆ ਕਿ ਇੱਕ ਖ਼ਤਰਾ ਜਿਸ ਬਾਰੇ ਕੈਨੇਡਾ ਦੇ ਸੀਨੀਅਰ ਸੁਰੱਖਿਆ ਅਧਿਕਾਰੀਆਂ ਨੇ ਸਾਲਾਂ ਤੋਂ ਚੇਤਾਵਨੀ ਦਿੱਤੀ ਹੈ, ਅਤੇ ਇਹ ਹੁਣ ਜਸਟਿਸ ਮੈਰੀ- ਦੀ ਅਗਵਾਈ ਵਾਲੀ ਜਨਤਕ ਜਾਂਚ ਵਿੱਚ ਜਾਂਚ ਅਧੀਨ ਹੈ ਅਤੇ ਇਸ ਗੱਲ ਦੀ ਜਾਂਚ ਕਰ ਰਹੀ ਹੈ ਕਿ ਸੁਰੱਖਿਆ ਏਜੰਸੀਆਂ ਕਿੰਨੀਆਂ ਜਾਣਦੀਆਂ ਸਨ ਅਤੇ ਬਦਲੇ ਵਿੱਚ, ਸੀਨੀਅਰ ਨੌਕਰਸ਼ਾਹਾਂ, ਮੁਹਿੰਮ ਦੇ ਸੰਚਾਲਕਾਂ ਅਤੇ ਸੀਨੀਅਰ ਰਾਜਨੀਤਿਕ ਨੇਤਾਵਾਂ ਨੂੰ ਕੀ ਦੱਸਿਆ ਗਿਆ ਸੀ ਨਾਲ ਹੀ ਪਿਛਲੀਆਂ ਦੋ ਸੰਘੀ ਚੋਣ ਮੁਹਿੰਮਾਂ ਦੌਰਾਨ ਇਹ ਜਾਣਕਾਰੀ ਕਿਵੇਂ ਸੰਭਾਲੀ ਗਈ ਸੀ, ਅਤੇ ਇਸਦੇ ਕੀ ਪ੍ਰਭਾਵ ਸਨ। ਮੰਗਲਵਾਰ ਨੂੰ ਜਾਂਚ ਦੌਰਾਨ ਪੈਨਲ ਨੂੰ ਪੇਸ਼ ਕੀਤੇ ਗਏ ਦਸਤਾਵੇਜ਼ਾਂ ਵਿੱਚ, ਪ੍ਰੀਵੀ ਕੌਂਸਲ ਦਫਤਰ, ਗੈਰ-ਪੱਖਪਾਤੀ ਦਫਤਰ, ਜੋ ਸਰਕਾਰ ਦੀ ਮਸ਼ੀਨਰੀ ਦੀ ਨਿਗਰਾਨੀ ਕਰਦਾ ਹੈ, ਦਾ ਇੱਕ ਸੰਖੇਪ ਨੋਟ ਸੀ। ਨੋਟ ਵਿੱਚ 2021 ਦੀ ਮੁਹਿੰਮ ਤੋਂ ਬਾਅਦ ਕੰਜ਼ਰਵੇਟਿਵਾਂ ਦੁਆਰਾ ਉਠਾਈਆਂ ਗਈਆਂ ਚਿੰਤਾਵਾਂ ਦਾ ਸਾਰ ਦਿੱਤਾ ਗਿਆ ਸੀ, ਜਿਸਨੂੰ ਸੋਲੀਮਾਨ ਨੇ ਕਿਹਾ ਕਿ ਇਸ ਨੂੰ ਇਕੱਠਾ ਕੀਤਾ ਗਿਆ ਅਤੇ ਪਾਸ ਕੀਤਾ ਗਿਆ ਕਿਉਂਕਿ ਪਾਰਟੀ ਨੇ ਮਹਿਸੂਸ ਕੀਤਾ ਕਿ ਉਹ ਸੁਰੱਖਿਆ ਏਜੰਸੀਆਂ ਦੁਆਰਾ ਨਜ਼ਦੀਕੀ ਨਜ਼ਰੀਏ ਦੇ ਹੱਕਦਾਰ ਹਨ। ਉਸਨੇ ਕਿਹਾ ਕਿ ਉਸਦੀ ਪਾਰਟੀ ਨੇ ਇਕਠੀ ਕੀਤੀ ਗਈ ਸਮੱਗਰੀ ਸੌਂਪੀ ਕਿਉਂਕਿ ਉਸਨੂੰ ਵਿਸ਼ਵਾਸ ਸੀ ਕਿ ਕੁਝ ਗਲਤ ਹੋ ਗਿਆ ਹੈ, ਅਤੇ ਇਹ ਕਿ ਲੋਕਤੰਤਰੀ ਪ੍ਰਣਾਲੀ ਦੀ ਸਿਹਤ ਲਈ ਸੁਰੱਖਿਆ ਏਜੰਸੀਆਂ ਨੂੰ ਜਾਗਰੂਕ ਕੀਤਾ ਜਾਣਾ ਚਾਹੀਦਾ ਹੈ।

## ਤਿਹਾੜ ਜੇਲ੍ਹ 'ਚ ਬੰਦ ਕੇਜਰੀਵਾਲ ਦਾ ਤੇਜ਼ੀ ਨਾਲ ਘੱਟ ਰਿਹੈ ਵਜ਼ਨ, ਚਿੰਤਾ 'ਚ ਡਾਕਟਰ



**ਨਵੀਂ ਦਿੱਲੀ, 3 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼ਰਾਬ ਘਪਲੇ ਮਾਮਲੇ ਵਿਚ ਗ੍ਰਿਫ਼ਤਾਰ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦਾ ਵਜ਼ਨ ਜੇਲ੍ਹ ਵਿਚ ਤੇਜ਼ੀ ਨਾਲ ਘੱਟ ਰਿਹਾ ਹੈ। ਆਮ ਆਦਮੀ ਪਾਰਟੀ ਦੇ ਸੂਤਰਾਂ ਨੇ ਇਹ ਦਾਅਵਾ ਕੀਤਾ ਹੈ। ਸੂਤਰਾਂ ਦਾ ਕਹਿਣਾ ਹੈ ਕਿ ਗ੍ਰਿਫ਼ਤਾਰੀ ਮਗਰੋਂ ਹੁਣ ਤੱਕ ਕੇਜਰੀਵਾਲ ਦਾ ਸਾਢੇ 4 ਕਿਲੋ ਵਜ਼ਨ ਘੱਟ ਹੋਇਆ ਹੈ। ਇਹ ਵੀ ਦੱਸਿਆ ਗਿਆ ਹੈ ਕਿ ਤੇਜ਼ੀ ਨਾਲ ਡਿੱਗਦੇ ਵਜ਼ਨ ਕਾਰਨ ਡਾਕਟਰਾਂ ਨੇ ਵੀ ਚਿੰਤਾ ਜਤਾਈ ਹੈ। ਇਸ ਤੋਂ ਪਹਿਲਾਂ ਕੇਜਰੀਵਾਲ ਦਾ ਸ਼ੂਗਰ ਦਾ ਪੱਧਰ ਵੀ ਘੱਟ ਹੋਣ ਦੀ ਗੱਲ ਸਾਹਮਣੇ ਆਈ ਸੀ। ਜੇਲ੍ਹ ਸੂਤਰਾਂ ਦੇ ਹਵਾਲੇ ਤੋਂ ਖ਼ਬਰ ਦਿੱਤੀ ਗਈ ਕਿ ਕੇਜਰੀਵਾਲ ਨੂੰ ਜਦੋਂ ਤਿਹਾੜ ਜੇਲ੍ਹ ਲਿਆਂਦਾ ਗਿਆ ਤਾਂ ਮੈਡੀਕਲ ਪਰੀਖਣ ਵਿਚ ਉਨ੍ਹਾਂ ਦੇ ਸ਼ੂਗਰ ਦਾ ਪੱਧਰ 50 ਤੋਂ ਘੱਟ ਪਾਇਆ ਗਿਆ। ਇਸ ਤੋਂ ਬਾਅਦ ਡਾਕਟਰਾਂ ਦੀ ਸਲਾਹ 'ਤੇ ਉਨ੍ਹਾਂ ਨੂੰ ਦਵਾਈ ਦਿੱਤੀ ਗਈ। ਈਡੀ ਰਿਮਾਂਡ ਦੌਰਾਨ ਵੀ ਉਨ੍ਹਾਂ ਦੀ ਸ਼ੂਗਰ ਦਾ ਪੱਧਰ ਘੱਟ ਸੀ। ਜੇਲ੍ਹ ਪ੍ਰਸ਼ਾਸਨ ਦਾ ਕਹਿਣਾ ਹੈ ਕਿ ਕੇਜਰੀਵਾਲ ਦੀ ਸਿਹਤ ਦਾ ਪੂਰੀ ਖਿਆਲ ਰੱਖਿਆ ਜਾ ਰਿਹਾ ਹੈ। ਉਨ੍ਹਾਂ ਦੀ ਸਿਹਤ ਦੀ ਲਗਾਤਾਰ ਜਾਂਚ ਕਰਵਾਈ ਜਾ ਰਹੀ ਹੈ। ਕੇਜਰੀਵਾਲ ਦੀ ਸਿਹਤ ਨੂੰ ਧਿਆਨ ਵਿਚ ਰੱਖ ਕੇ ਹੀ ਉਨ੍ਹਾਂ ਨੂੰ ਘਰ ਦਾ ਖਾਣਾ ਖਾਣ ਦੀ ਇਜਾਜ਼ਤ ਕੋਰਟ ਵਲੋਂ ਦਿੱਤੀ ਗਈ ਸੀ। ਕੇਜਰੀਵਾਲ ਦਾ ਲੰਚ ਅਤੇ ਡਿਨਰ ਉਨ੍ਹਾਂ ਦੇ ਘਰ ਤੋਂ ਪਹੁੰਚਾਇਆ ਜਾ ਰਿਹਾ ਹੈ। ਦੱਸਣਯੋਗ ਹੈ ਕਿ ਕੇਜਰੀਵਾਲ ਨੂੰ ਸ਼ਰਾਬ ਘਪਲੇ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਵਿਚ 21 ਮਾਰਚ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਉਹ 10 ਦਿਨਾਂ ਤੱਕ ਈਡੀ ਦੀ ਰਿਮਾਂਡ 'ਤੇ ਰਹੇ ਅਤੇ ਸਵਾਲਾਂ ਦਾ ਸਾਹਮਣਾ ਕੀਤਾ। ਇਸ ਤੋਂ ਬਾਅਦ 1 ਅਪ੍ਰੈਲ ਨੂੰ ਕੋਰਟ ਨੇ ਉਨ੍ਹਾਂ ਨੂੰ 15 ਦਿਨ ਦੀ ਨਿਆਂਇਕ ਹਿਰਾਸਤ ਵਿਚ ਭੇਜ ਦਿੱਤਾ। ਕੇਜਰੀਵਾਲ ਨੂੰ 15 ਅਪ੍ਰੈਲ ਤੱਕ ਜੇਲ੍ਹ ਵਿਚ ਰਹਿਣਾ ਪਵੇਗਾ। ਇਹ ਪਹਿਲਾ ਮੌਕਾ ਹੈ ਜਦੋਂ ਅਹੁਦੇ 'ਤੇ ਰਹਿੰਦੇ ਹੋਏ ਕਿਸੇ ਮੁੱਖ ਮੰਤਰੀ ਨੂੰ ਜੇਲ੍ਹ ਜਾਣਾ ਪਿਆ ਹੈ। ਕੇਜਰੀਵਾਲ ਨੂੰ ਤਿਹਾੜ ਜੇਲ੍ਹ ਨੰਬਰ-2 ਵਿਚ ਰੱਖਿਆ ਗਿਆ ਹੈ।

## ਡਾਂਸਰ ਸਿਮਰ ਸੰਧੂ ਵਿਵਾਦ 'ਚ ਨਵਾਂ ਮੋੜ, ਮਹਿਲਾ ਕਮਿਸ਼ਨ ਨੇ ਕੀਤੀ ਵੱਡੀ ਕਾਰਵਾਈ



**ਲੁਧਿਆਣਾ, 3 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਦੇ ਦੁੱਗਰੀ ਇਲਾਕੇ ਦੀ ਰਹਿਣ ਵਾਲੀ ਡਾਂਸਰ ਸਿਮਰ ਸੰਧੂ ਦਾ ਡੀ. ਐੱਸ. ਪੀ ਦੇ ਰੀਡਰ ਨਾਲ ਝੜਪ ਦਾ ਵੀਡੀਓ ਸਾਹਮਣੇ ਆਉਣ ਤੋਂ ਬਾਅਦ ਹੁਣ ਪੰਜਾਬ ਮਹਿਲਾ ਕਮਿਸ਼ਨ ਨੇ ਨੋਟਿਸ ਜਾਰੀ ਕੀਤਾ ਹੈ। ਖੰਨਾ ਦੀ ਐੱਸ. ਪੀ. ਨੂੰ 1 ਹਫਤੇ ਵਿਚ ਇਸ ਮਾਮਲੇ ਵਿਚ ਡੀ. ਐੱਸ. ਪੀ ਪੱਧਰ 'ਤੇ ਜਾਂਚ ਕਰਵਾ ਕੇ ਰਿਪੋਰਟ ਸੌਂਪਣ ਲਈ ਆਖਿਆ ਗਿਆ ਹੈ। ਦੂਜੇ ਪਾਸੇ ਡੀ. ਐੱਸ. ਪੀ. ਸਮਰਾਲਾ ਤਰਲੋਚਨ ਸਿੰਘ ਨੇ ਕਿਹਾ ਕਿ ਅਜੇ ਮਹਿਲਾ ਕਮਿਸ਼ਨ ਦਾ ਨੋਟਿਸ ਉਨ੍ਹਾਂ ਨੂੰ ਨਹੀਂ ਮਿਲਿਆ ਹੈ। ਨੋਟਿਸ ਮਿਲਣ ਤੋਂ ਤੁਰੰਤ ਬਾਅਦ ਰਿਪੋਰਟ ਸੌਂਪ ਦਿੱਤੀ ਜਾਵੇਗੀ। ਦੱਸਿਆ ਜਾ ਰਿਹਾ ਹੈ ਕਿ ਇਸ ਮਾਮਲੇ ਵਿੱਚ ਸਮਰਾਲਾ ਪੁਲਸ ਨੇ ਜਗਰੂਪ ਸਿੰਘ ਨਿਵਾਸੀ ਪਿੰਡ ਰਾਨਵਾ ਅਤੇ ਤਿੰਨ ਅਣਪਛਾਤੇ ਲੋਕਾਂ 'ਤੇ ਕੇਸ ਦਰਜ ਕੀਤਾ ਹੈ ਜਦਕਿ ਸਿਮਰ ਸੰਧੂ ਦਾ ਦੋਸ਼ ਸੀ ਕਿ ਮੁਲਜ਼ਮਾਂ 'ਤੇ ਹਲਕੀਆਂ ਧਾਰਾਵਾਂ ਲਗਾਈਆਂ ਗਈਆਂ ਹਨ। ਇਸ ਘਟਨਾ ਤੋਂ ਬਾਅਦ ਡਾਂਸਰ ਨੇ ਆਪਣੇ ਘਰ ਵਿਚ ਇਕ ਪ੍ਰੈੱਸ ਕਾਨਫਰੰਸ ਕੀਤੀ, ਜਿਸ ਵਿਚ ਉਸ ਨੇ ਦੱਸਿਆ ਕਿ ਮੇਰਾ ਨਾਮ ਸਿਮਰ ਸੰਧੂ ਹੈ ਅਤੇ ਉਹ ਪ੍ਰੋਗਰਾਮਾਂ ਵਿਚ ਸਟੇਡ 'ਤੇ ਡਾਂਸ ਕਰਦੀ ਹੈ। ਆਏ ਦਿਨ ਉਸ ਨੂੰ ਸਟੇਜ 'ਤੇ ਪਰਫੋਰਮੈਂਸ ਦੌਰਾਨ ਲੋਕਾਂ ਦੀਆਂ ਗੱਲਾਂ ਸੁਣਨੀਆਂ ਪੈਂਦੀਆਂ ਹਨ ਪਰ ਜੋ ਇਸ ਘਟਨਾ ਵਿਚ ਹੋਇਆ ਉਸਨੇ ਮੇਰੇ ਮਨ ਨੂੰ ਬੜੀ ਠੇਸ ਪਹੁੰਚਾਈ। ਇਸ ਵਿਚ ਸਟੇਜ ਦੇ ਹੇਠਾਂ ਖੜ੍ਹੇ ਇਕ ਵਿਅਕਤੀ ਨੇ ਮੈਨੂੰ ਕਿਹਾ ਕਿ ਤੂੰ ਥੱਲੇ ਆ ਕੇ ਸਾਡੇ ਨਾਲ ਡਾਂਸ ਕਰ। ਇਸ 'ਤੇ ਮੈਂ ਹੇਠਾਂ ਆਉਣ ਤੋਂ ਇਨਕਾਰ ਕਰ ਦਿੱਤਾ। ਇਸ 'ਤੇ ਉਕਤ ਵਿਅਕਤੀ ਨੇ ਮੈਨੂੰ ਸਟੇਜ ਤੋਂ ਜਾਣ ਲਈ ਕਿਹਾ ਅਤੇ ਮੈਂ ਇਕ ਵਾਰੀ ਸਟੇਜ ਤੋਂ ਚਲੀ ਗਈ ਫਿਰ ਦੂਸਰੀ ਵਾਰੀ ਮੈਨੂੰ ਇਹ ਕਿਹਾ ਗਿਆ ਕਿ ਉਹ ਸਾਰੇ ਤੁਹਾਨੂੰ ਸਟੇਜ 'ਤੇ ਡਾਂਸ ਲਈ ਬੁਲਾ ਰਹੇ ਹਨ। ਮੈਂ ਫਿਰ ਸਟੇਜ ਉੱਪਰ ਆ ਗਈ ਫਿਰ ਉਸ ਵਿਅਕਤੀ ਨੇ ਮੈਨੂੰ ਹੇਠਾਂ ਆਉਣ ਲਈ ਕਿਹਾ ਅਤੇ ਮੈਂ ਕਿਹਾ ਕਿ ਮੈਨੂੰ ਸਿਰਫ ਸਟੇਜ 'ਤੇ ਡਾਂਸ ਕਰਨ ਲਈ ਕਿਹਾ ਗਿਆ ਹੈ, ਮੈਂ ਅਜੇ ਉਕਤ ਨਾਲ ਗੱਲ ਹੀ ਕਰ ਰਹੀ ਸੀ ਕਿ ਦੂਸਰੇ ਵਿਅਕਤੀ ਨੇ ਆ ਕੇ ਮੇਰੇ ਵੱਲ ਕੱਚ ਦਾ ਗਲਾਸ ਮਾਰਿਆ। ਇਸ ਤੋਂ ਮੈਂ ਬਚ ਗਈ ਅਤੇ ਉਸ ਤੋਂ ਬਾਅਦ ਉਨ੍ਹਾਂ ਨੇ ਮੈਨੂੰ ਬਾਹਾਂ ਤੋਂ ਫੜ ਲਿਆ ਅਤੇ ਗਾਲਾਂ ਕੱਢਣੀਆਂ ਸ਼ੁਰੂ ਕਰ ਦਿੱਤੀ। ਜਿਸ ਦੇ ਜਵਾਬ ਵਿਚ ਮੈਂ ਵੀ ਗਾਲੀ ਗਲੋਚ ਕੀਤਾ।

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਗਰੰਥੀ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ (ਇਸ ਤੋਂ ਇਲਾਵਾ ਇੱਕ ਵਿੱਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖੋਜ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £630,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ। ਇੱਕ ਵਾਰ ਸੇਵਾ ਦੇਣੀ ਜਾਂ ਪੂਰੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।

ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੰਸ ਵਜੋਂ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ
(Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

Stay Connected:
email: info@damdamitaksal.co.uk

DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642





# ਕੰਪਨੀ ਬਾਗ. ਵਿਖੇ ਸੈਰ ਕਰਨ ਆਏ ਤਰਨਜੀਤ ਸਿੰਘ ਸੰਧੂ ਨਾਲ ਲੋਕਾਂ ਨੇ ਅੰਮ੍ਰਿਤਸਰ ਦੇ ਮੁੱਦਿਆਂ ਬਾਰੇ ਚਰਚਾ ਕੀਤੀ

**ਅੰਮ੍ਰਿਤਸਰ, 3 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਲਈ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ 'ਚ ਭਾਰਤ ਦੇ ਰਾਜਦੂਤ ਰਹੇ ਸ. ਤਰਨਜੀਤ ਸਿੰਘ ਸੰਧੂ ਨੇ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਯਾਦ ਨਾਲ ਸੰਬੰਧਿਤ ਕੰਪਨੀ ਬਾਗ. ਵਿਖੇ ਸਵੇਰ ਦੀ ਸੈਰ ਕੀਤੀ ਅਤੇ ਇਸ ਦੌਰਾਨ ਉੱਥੇ ਸੈਰ ਕਰਨ ਆਏ ਲੋਕਾਂ ਨਾਲ ਅੰਮ੍ਰਿਤਸਰ ਦੇ ਵੱਖ ਵੱਖ ਮੁੱਦਿਆਂ

ਆਵਾਜ਼ਿ ਕੌਮ AWAZE QAUM International Newspaper & WEB TV

ਬਾਰੇ ਵਿਚਾਰ ਸਾਂਝੇ ਕੀਤੇ। ਲੋਕਾਂ ਨੇ ਉਨ੍ਹਾਂ ਨੂੰ ਆਮ ਸਮੱਸਿਆਵਾਂ ਵੀ ਦੱਸੀਆਂ। ਇਸ ਮੌਕੇ ਲੋਕਾਂ ਨੇ ਸਰਦਾਰ ਸੰਧੂ ਨੂੰ ਆਪਣੇ ਕਰੀਬ ਦੇਖ ਕੇ ਖ਼ੁਸ਼ੀ ਦੀ ਇਜ਼ਹਾਰ ਕੀਤਾ ਅਤੇ ਉਨ੍ਹਾਂ ਨੂੰ ਪੂਰਾ ਸਮਰਥਨ ਦੇਣ ਦਾ ਵਾਅਦਾ ਕੀਤਾ ਅਤੇ ਉਨ੍ਹਾਂ ਨਾਲ ਤਸਵੀਰਾਂ ਵੀ ਖਿਚਵਾਈਆਂ। ਸੈਰ ਕਰਨ ਆਏ ਲੋਕਾਂ ਨੇ ਸਰਦਾਰ ਸੰਧੂ ਕੋਲ ਕੰਪਨੀ ਬਾਗ. ਦੀ ਖਸਤਾ ਹਾਲਤ 'ਤੇ ਨਿਰਾਸ਼ ਪ੍ਰਗਟ ਕਰਦਿਆਂ ਰਾਜ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਵਲ ਧਿਆਨ ਨਾ ਦੇਣ 'ਤੇ ਰੋਸ ਕੀਤਾ। ਉਨ੍ਹਾਂ ਸਮਾਜਿਕ ਸਮੱਸਿਆਵਾਂ ਅਤੇ ਸਰਕਾਰੀ ਦਫ਼ਤਰਾਂ ਵਿਚ ਲੋਕਾਂ ਨੂੰ ਹੋ ਰਹੀ ਪ੍ਰੇਸ਼ਾਨੀ ਅਤੇ ਸਰਕਾਰੀ ਹਸਪਤਾਲਾਂ ਦੀ ਭੈੜੀ ਹਾਲਤ ਬਾਰੇ ਵੀ ਜਾਣੂ ਕਰਾਇਆ। ਸਰਦਾਰ ਸੰਧੂ ਨੇ ਕਿਹਾ, ਮੈਂ ਦੇਸ਼ ਦੀ 36 ਸਾਲ ਸੇਵਾ ਕਰਨ ਤੋਂ ਬਾਅਦ ਹੁਣ ਗੁਰੂ ਨਗਰੀ ਅਤੇ ਇੱਥੋਂ ਦੇ ਲੋਕਾਂ ਨੂੰ ਸਮਰਪਿਤ ਹਾਂ। ਉਨ੍ਹਾਂ ਕਿਹਾ ਕਿ 6 ਸ਼ਾਲਾਂ ਵਿਚ ਇੰਦੌਰ ਸਫ਼ਾਈ ਦੇ ਪੱਖੋਂ ਇਕ ਸੁੰਦਰ ਸ਼ਹਿਰ ਬਣ ਗਿਆ ਹੈ ਤਾਂ ਕੀ ਅਸੀਂ ਗੁਰੂ ਨਗਰੀ 'ਅੰਮ੍ਰਿਤਸਰ ਸਿਫ਼ਤੀਂ ਦੇ ਘਰ' ਨੂੰ ਕਿਉਂ ਨਹੀਂ ਸਵਾਰ ਸਕਦੇ । ਉਨ੍ਹਾਂ ਯਕੀਨ ਦੁਆਇਆ ਕਿ 2027 'ਚ ਅੰਮ੍ਰਿਤਸਰ ਦੇ 450 ਸਾਲਾ ਮੌਕੇ ਸ਼ਹਿਰ ਦੀ ਨੁਹਾਰ ਪੂਰੀ ਤਰਾਂ ਬਦਲ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਅਨੇਕਾਂ ਨੀਤੀਆਂ ਅਤੇ ਦਿੱਤੀਆਂ ਗਈਆਂ ਸਹੂਲਤਾਂ ਅੰਮ੍ਰਿਤਸਰ ਵੀ ਆਉਣਗੀਆਂ। ਇਸ ਤੋਂ ਪਹਿਲਾਂ ਸਰਦਾਰ ਸੰਧੂ ਨੇ ਬਾਗ. ਵਿਚ ਵਰਜ਼ਿਸ਼ ਕਰ ਰਹੇ ਨੌਜਵਾਨਾਂ ਨਾਲ ਉਨ੍ਹਾਂ ਨੂੰ ਦਰਪੇਸ਼ ਚੁਨੌਤੀਆਂ ਬਾਰੇ ਚਰਚਾ ਕੀਤੀ। ਸੰਧੂ ਦੇ ਅੰਮ੍ਰਿਤਸਰ ਪ੍ਰਤੀ ਮਿਸ਼ਨ ਨੂੰ ਨੌਜਵਾਨਾਂ ਵੱਲੋਂ ਪੂਰਾ ਸਹਿਯੋਗ ਦਾ ਭਰੋਸਾ ਦਿੱਤਾ ਗਿਆ। ਲੋਕਾਂ ਨੇ ਸਰਦਾਰ ਸੰਧੂ ਦੀ ਸ਼ਹਿਰ ਦੇ ਵਿਕਾਸ ਅਤੇ ਲੋਕਾਂ ਦੀ ਆਮਦਨ. ਵਧਾਉਣ ਪ੍ਰਤੀ ਦੂਰ-ਦ੍ਰਿਸ਼ਟੀ ਵਾਲੀ ਸੋਚ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਸ਼ਹਿਰ ਦਾ ਵਿਕਾਸ ਜੋ ਪਿਛਲੇ ਦੋ ਦਹਾਕਿਆਂ ਤੋਂ ਨਹੀਂ ਹੋਇਆ, ਹੁਣ ਸਰਦਾਰ ਸੰਧੂ ਦੀ ਪਹੁੰਚ ਅਤੇ ਸਮਰੱਥਾ ਦਾ ਫ਼ਾਇਦਾ ਉਨ੍ਹਾਂ ਦਾ ਸਾਥ ਦੇ ਕੇ ਉਠਾਇਆ ਜਾਵੇਗਾ। ਯਾਦ ਰਹੇ ਕਿ ਸਰਦਾਰ ਤਰਨਜੀਤ ਸਿੰਘ ਸੰਧੂ ਨੇ ਬੀਤੀ ਕੁਝ ਦਿਨ ਪਹਿਲਾਂ ਇਸੇ ਕੰਪਨੀ ਬਾਗ. ਅਤੇ ਮਹਾਰਾਜ ਰਣਜੀਤ ਸਿੰਘ ਨਾਲ ਸੰਬੰਧਿਤ ਯਾਦਗਾਰਾਂ ਦੀ ਸੰਭਾਲ ਅਤੇ ਮੁਰੰਮਤ ਲਈ ਕੇਂਦਰ ਸਰਕਾਰ ਤੋਂ 2.75 ਕਰੋੜ ਰੁਪਏ ਮਨਜ਼ੂਰ ਕਰਵਾ ਚੁੱਕੇ ਹਨ।











# ਅੰਮ੍ਰਿਤਸਰੀਏ ਕਾਰੋਬਾਰੀਆਂ ਲਈ ਉਮੀਦ ਬਣਿਆ ਤਰਨਜੀਤ ਸਿੰਘ ਸੰਧੂ

**ਅੰਮ੍ਰਿਤਸਰ, 3 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਵਾਸੀਆਂ ਨੂੰ ਅੰਮ੍ਰਿਤਸਰ ਲੋਕ ਸਭਾ ਹਲਕੇ ਲਈ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ 'ਚ ਭਾਰਤ ਦੇ ਰਾਜਦੂਤ ਰਹੇ ਸ. ਤਰਨਜੀਤ ਸਿੰਘ ਸੰਧੂ ਦੀ ਗੁਰੂ ਨਗਰੀ ਦੀ ਖ਼ੁਸ਼ਹਾਲੀ ਅਤੇ ਵਿਕਾਸ ਮਾਡਲ ਅਤੇ ਵਿਜ਼ਨ 'ਚ ਉਮੀਦ ਦੀ ਕਿਰਨ ਨਜ਼ਰ ਆ ਰਹੀ ਹੈ। ਸਥਾਨਕ ਹੋਟਲ ਵਿਖੇ ਸਰਦਾਰ ਸੰਧੂ ਦੇ ਸੱਦੇ 'ਤੇ ਪਹਿਲੀ ਵਾਰ ਅੰਮ੍ਰਿਤਸਰ ਪਹੁੰਚੇ ਅਮਰੀਕਾ-ਭਾਰਤ ਰਣਨੀਤਿਕ ਭਾਈਵਾਲੀ ਫੋਰਮ ਅਤੇ ਫਿੱਕੀ ਦੇ ਸਹਿਯੋਗ ਨਾਲ ਕਰਾਏ ਗਏ ਬਿਜ਼ਨਸ ਕਨਕਲੇਵ 2024 ਵਿਚ ਹਿੱਸਾ ਲੈਣ ਆਏ ਸ਼ਹਿਰ ਦੇ ਉੱਘੇ ਵਪਾਰੀਆਂ ਅਤੇ ਸਨਅਤਕਾਰਾਂ ਨੇ ਸਵਾਲ ਜਵਾਬ ਸੈਸ਼ਨ ਦੌਰਾਨ ਗੁਰੂ ਨਗਰੀ ਪ੍ਰਤੀ ਆਪਣੀਆਂ ਭਾਵਨਾਵਾਂ ਦਾ ਇਜ਼ਹਾਰ ਕਰਦਿਆਂ ਸਰਦਾਰ ਤਰਨਜੀਤ ਸਿੰਘ ਸੰਧੂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਤੁਹਾਡੇ ਆਉਣ ਨਾਲ ਇਕ ਉਮੀਦ ਜਾਗੀ ਹੈ। ਅੱਜ ਤਕ ਸਾਨੂੰ ਸਹੀ ਆਗੂ ਨਹੀਂ ਮਿਲਿਆ ਸੀ, ਪਰ ਹੁਣ ਵਿਜ਼ਨ ਵਾਲਾ ਬੰਦਾ ਸ਼ਹਿਰ ਦੀ ਸੇਵਾ ਲਈ ਮੈਦਾਨ ਵਿਚ ਆਇਆ ਹੈ ਤਾਂ ਸ਼ਹਿਰ ਦੀ ਨੁਹਾਰ ਬਦਲਣ ਅਤੇ ਇਸ ਨੂੰ ਆਪਣਾ ਪਹਿਲੇ ਵਾਲਾ ਮੁਕਾਮ ਮੁੜ ਦਿਵਾਉਣ ਲਈ ਅਸੀਂ ਤੁਹਾਡੇ ਨਾਲ ਮਿਲ ਕੇ ਸੇਵਾ ਕਰਨ ਲਈ ਤਿਆਰ ਹਾਂ। ਇਸ 'ਤੇ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਮੈਂ ਆਪਣੇ ਅੰਦਰ ਦਾਦਾ ਸ਼ਹੀਦ ਸਰਦਾਰ ਤੇਜਾ ਸਿੰਘ ਸਮੁੰਦਰੀ ਅਤੇ ਪਿਤਾ ਸਰਦਾਰ ਬਿਸ਼ਨ ਸਿੰਘ ਸਮੁੰਦਰੀ ਦੀ ਤਰਾਂ ਹੀ ਸੇਵਾ ਦਾ ਜਨੂਨ ਰੱਖਦਾ ਹਾਂ। ਸ਼ਹਿਰ ਦਾ ਵਿਕਾਸ ਹੀ ਮੇਰਾ ਏਜੰਡਾ ਹੈ। ਸਭ ਸਰੋਤਿਆਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹੋਇਆ ਉਨ੍ਹਾਂ ਅੰਮ੍ਰਿਤਸਰ ਦੀ ਤਰੱਕੀ ਤੇ ਖ਼ੁਸ਼ਹਾਲੀ ਲਈ ਵਚਨਬੱਧਤਾ ਦਾ ਪ੍ਰਣ ਲਿਆ। ਉਨ੍ਹਾਂ ਕਿਹਾ ਕਿ ਬਹੁ ਕੌਮੀ ਵਿਦੇਸ਼ੀ ਕੰਪਨੀਆਂ ਅੰਮ੍ਰਿਤਸਰ ਵਿੱਚ ਆਪਣੇ ਪ੍ਰੋਜੈਕਟ ਲਗਾਉਣ ਲਈ ਤਿਆਰ ਬੈਠੀਆਂ ਹਨ, ਜਿਸ ਦਾ ਇਲਾਕਾ ਨਿਵਾਸੀਆਂ ਨੂੰ ਜਲਦ ਹੀ ਫ਼ਾਇਦਾ ਦਵਾ ਕੇ ਗੁਰੂ ਨਗਰੀ ਨੂੰ ਹਰ ਪੱਖ ਤੋਂ ਵਧੀਆ ਤਰੀਕੇ ਨਾਲ ਵਿਕਸਤ ਅਤੇ ਖ਼ੁਸ਼ਹਾਲ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ 'ਚ ਗੁਰੂ ਸਾਹਿਬਾਨ ਨੇ ਵਪਾਰ ਅਤੇ ਲਘੂ ਉਦਯੋਗ ਨੂੰ ਸਥਾਪਿਤ ਕੀਤਾ ਸੀ। ਸਾਨੂੰ ਇਕੱਠੇ ਹੋ ਕੇ ਅੱਗੇ ਆਉਣਾ ਹੋਵੇਗਾ। ਅਜ਼ਾਦੀ ਤੋਂ ਪਹਿਲਾਂ ਕੱਪੜਾ ਉਦਯੋਗ 'ਚ ਅੰਮ੍ਰਿਤਸਰ ਪਹਿਲੇ ਸਥਾਨ 'ਤੇ ਸੀ ਜੋ ਹੁਣ ਘਟ ਕੇ 25 ਫ਼ੀਸਦੀ ਰਹਿ ਗਿਆ ਹੈ। ਇਸ ਨੂੰ ਠੋਸ ਨੀਤੀਆਂ ਰਾਹੀਂ ਮੁੜ ਸਥਾਪਿਤ ਕੀਤਾ ਜਾਵੇਗਾ। ਸਰਦਾਰ ਸੰਧੂ ਨੇ ਕਿਹਾ ਕਿ ਖੇਤੀ ਤੋਂ ਬਾਅਦ ਟੈਕਸਟਾਈਲ ਉਦਯੋਗ ਖੇਤਰ ਹੀ ਹੈ ਜੋ ਲੋਕਾਂ ਨੂੰ ਵੱਧ ਰੁਜ਼ਗਾਰ ਦੇ ਸਕਦੀ ਹੈ। ਅੰਮ੍ਰਿਤਸਰ ਦੀ ਆਬਾਦੀ ਦਾ 45 % ਨੌਜਵਾਨ ਹਨ। ਇਸ ਸ਼ਕਤੀ ਨੂੰ ਸਹੀ ਦਿਸ਼ਾ ਵਿਚ ਉਪਯੋਗ ਕੀਤਾ ਜਾਵੇ ਤਾਂ ਸਭ ਕੁਝ ਸੰਭਵ ਹੈ। ਉਨ੍ਹਾਂ ਨਵੀਨ ਤਕਨੀਕ ਵਾਲੀ ਵਿਸ਼ਵ ਪੱਧਰੀ ਸਿੱਖਿਆ 'ਤੇ ਜ਼ੋਰ ਦਿੱਤਾ।। ਉਨ੍ਹਾਂ ਆਪਣੇ ਅਨੁਭਵ ਸਾਂਝੇ ਕਰਦਿਆਂ ਕਿਹਾ ਕਿ ਜਦੋਂ ਉਨ੍ਹਾਂ ਨੂੰ ਰਾਜਦੂਤ ਬਣਾ ਕੇ ਅਮਰੀਕਾ 'ਚ ਭੇਜਿਆ ਗਿਆ ਤਾਂ ਕਈ ਲੋਕ ਕਹਿੰਦੇ ਸਨ ਕਿ ਕਈ ਆਏ ਕਈ ਗਏ, ਪਰ ਪ੍ਰਵਾਸੀ ਪੰਜਾਬੀਆਂ ਦੇ ਸਹਿਯੋਗ ਨਾਲ ਉੱਥੇ ਸਾਰਥਿਕ ਕੰਮ ਕੀਤੇ ਜਾ ਸਕੇ ਅਤੇ ਭਾਰਤ ਅਮਰੀਕਾ ਸੰਬੰਧ ਭਾਈਵਾਲੀ 'ਚ ਤਬਦੀਲ ਹੋਇਆ। ਅੱਜ ਦੋਹਾਂ ਦੇਸ਼ਾਂ ਵਿਚ ਵਪਾਰ, ਉਦਯੋਗ, ਸਾਇੰਸ ਐਂਡ ਟੈਕਨਾਲੋਜੀ ਅਤੇ ਫ਼ੌਜੀ ਸਨਅਤ 'ਚ ਵੀ ਭਾਈਵਾਲੀ ਹੈ। ਅਮਰੀਕੀ ਕੰਪਨੀਆਂ ਭਾਰਤ 'ਚ ਨਿਵੇਸ਼ ਕਰ ਰਹੀਆਂ ਹਨ, ਪਰ ਨਿਵੇਸ਼ ਅੰਮ੍ਰਿਤਸਰ ਵੀ ਕਰਾਇਆ ਜਾਵੇਗਾ। ਅਮਰੀਕਨ ਕੌਂਸਲੇਟ ਖੋਲ੍ਹਣ ਨਾਲ ਅੰਮ੍ਰਿਤਸਰ ਦਾ ਅਮਰੀਕਾ ਨਾਲ ਸਿੱਧਾ ਸੰਬੰਧ ਬਣੇਗਾ। ਉਨ੍ਹਾਂ ਕਿਹਾ ਅੰਮ੍ਰਿਤਸਰ ਦੇ ਕਾਰਗੋ ਦੀ ਪੂਰੀ ਸਮਰੱਥਾ ਦਾ ਲਾਭ ਲਿਆ ਜਾਵੇਗਾ। ਇੱਥੋਂ ਫਲ਼ ਅਤੇ ਸਬਜ਼ੀਆਂ ਖਾੜੀ ਅਤੇ ਹੋਰ ਦੇਸ਼ਾਂ ਵਿਚ ਸਪਲਾਈ ਕਰਦਿਆਂ ਕਿਸਾਨਾਂ ਅਤੇ ਵਪਾਰੀਆਂ ਦੀ ਆਮਦਨੀ ਵਧਾਈ ਜਾ ਸਕਦੀ ਹੈ। ਇੱਥੋਂ ਦੀਆਂ ਸਭਿਆਚਾਰਕ ਵਸਤਾਂ ਫੁਲਕਾਰੀ, ਪੰਜਾਬੀ ਜੁੱਤੀਆਂ, ਗਹਿਣਿਆਂ ਦੀ ਪ੍ਰਵਾਸੀ ਪੰਜਾਬੀਆਂ 'ਚ ਬਹੁਤ ਮੰਗ ਹੈ, ਕਿਉਂਕਿ ਇਨ੍ਹਾਂ ਨਾਲ ਉਨ੍ਹਾਂ ਦੀਆਂ ਭਾਵਨਾਵਾਂ ਜੁੜੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਤਸਕਰੀ ਅਤੇ ਨਸ਼ੇ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਸ਼ਾਮਿਲ ਅਨਸਰਾਂ ਨੂੰ ਹਰ ਸੰਭਵ ਕਾਨੂੰਨੀ ਤਰੀਕੇ ਨਾਲ ਸਖ਼ਤ ਸਜਾਵਾਂ ਦਿਵਾ ਕੇ ਰੋਕਿਆ ਜਾਵੇਗਾ। ਇਸ ਤੋਂ ਪਹਿਲਾਂ ਬੋਲਦਿਆਂ ਅਮਰੀਕਾ-ਭਾਰਤ ਰਣਨੀਤੀ ਭਾਈਵਾਲੀ ਫੋਰਮ ਦੇ ਪ੍ਰਧਾਨ ਅਤੇ ਮੁੱਖ ਕਾਰਜਕਾਰੀ ਅਧਿਕਾਰੀ ਡਾ. ਮੁਕੇਸ਼ ਆਘੀ ਨੇ ਕਿਹਾ ਕਿ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਇਕ ਕਾਬਲ ਵਿਅਕਤੀ ਹਨ। ਜਿਸ ਦੀ ਮਿਹਨਤ ਸਦਕਾ ਅਮਰੀਕੀ ਕੰਪਨੀਆਂ ਇਥੇ ਆਉਣਗੀਆਂ। ਉਨ੍ਹਾਂ ਕਿਹਾ ਕਿ ਸਰਦਾਰ ਸੰਧੂ ਨੇ ਸਾਨੂੰ ਅੰਮ੍ਰਿਤਸਰ ਆਉਣ ਦਾ ਸੱਦਾ ਦਿੱਤਾ। ਭਾਰਤ ਅਮਰੀਕਾ ਸੰਬੰਧ ਹੁਣ ਭਾਈਵਾਲੀ ਨਾਲ ਤੇਜ਼ੀ ਨਾਲ ਅੱਗੇ ਵੱਧ ਰਹੀ ਹੈ। ਹੁਣ ਅਮਰੀਕਾ ਅਤੇ ਅੰਮ੍ਰਿਤਸਰ ਦਰਮਿਆਨ ਸੰਬੰਧ ਵੀ ਜਲਦ ਸਥਾਪਿਤ ਹੋਵੇਗਾ। ਅਸੀਂ ਇਥੇ ਕਾਰੋਬਾਰੀਆਂ ਨੂੰ ਦਰਪੇਸ਼ ਮੁਸ਼ਕਲਾਂ ਜਾਣਨ ਲਈ ਆਏ ਹਾਂ, ਅਸੀਂ ਉਨ੍ਹਾਂ ਦੀ ਮਦਦ ਕਰਾਂਗੇ। ਨੌਜਵਾਨ ਪੀੜੀ ਬਹੁਤ ਕੁਝ ਕਰਨਾ ਚਾਹੁੰਦੀ ਹੈ। ਜ਼ਿੰਦਗੀ ਵਿਚ ਅੱਗੇ ਵਧਣਾ ਚਾਹੁੰਦੇ ਹਨ। ਇੱਥੋਂ ਦੇ ਨੌਜਵਾਨਾਂ ਨੂੰ ਵਧੇਰੇ ਸਮਰੱਥ ਬਣਾਉਣ ਲਈ ਕਿੱਤਾਮੁਖੀ ਸਿੱਖਿਆ ਪ੍ਰਦਾਨ ਕਰਨ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਅਮਰੀਕੀ ਕੰਪਨੀਆਂ ਦੇ ਨਿਵੇਸ਼ ਨਾਲ ਅੰਮ੍ਰਿਤਸਰ 'ਚ ਹਜ਼ਾਰਾਂ ਨੌਕਰੀਆਂ ਦਾ ਸਬੱਬ ਬਣੇਗਾ। ਉਨ੍ਹਾਂ ਕਿਹਾ ਕਿ ਯੂ.ਐੱਸ.ਆਈ.ਐੱਸ.ਪੀ.ਐੱਫ ਦੁਨੀਆ ਦੀਆਂ ਟੋਪ 500 ਕੰਪਨੀਆਂ ਵਿਚੋਂ 400 ਕੰਪਨੀਆਂ ਨਾਲ ਸੰਬੰਧ ਰੱਖਦਾ ਹੈ। ਜਿਨ੍ਹਾਂ ਵਿਚੋਂ ਬਹੁਤ ਸਾਰੀਆਂ ਕੰਪਨੀਆਂ ਭਾਰਤ 'ਚ ਨਿਵੇਸ਼ ਕਰ ਰਹੀਆਂ ਹਨ, ਹੁਣ ਇਹ ਨਿਵੇਸ਼ ਅੰਮ੍ਰਿਤਸਰ ਵੀ ਆਵੇਗਾ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਚੰਗੀ ਆਮਦਨੀ ਦੇ ਮੌਕੇ ਮਿਲਣ ਤਾਂ ਉਹ ਬਾਹਰ ਕਿਉਂ ਜਾਣਗੇ?




ਪੰਥਕ ਸ਼ਬਦ ਸਚੀ ਟਕਸਾਲ
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।



✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ
ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH


ੴ ਸ਼੍ਰੀ ਵਾਹਿਗੁਰੂ ਜੀ ਕੀ ਫਤਿਹ
ਖਾਲਸਾਈ ਖੇਡਾਂ
ਮਿਤੀ 6 ਅਪ੍ਰੈਲ 2024 ਦਿਨ ਸ਼ਨੀਵਾਰ
ਆਵਾਜ਼ਿ ਕੌਮ AWAZE QAUM International Newspaper & WEB TV
ਗੱਤਕਾ ਕੱਪ
ਨਾਟਕ
ਕੋਰੀਉਗ੍ਰਾਫੀ
ਗੱਤਕਾ ਮੁਕਾਬਲੇ
ਆਰੰਭ ਸ਼੍ਰੀ ਆਖੰਡ ਪਾਠ ਸਾਹਿਬ ਮਿਤੀ : 4 ਅਪ੍ਰੈਲ ਦਿਨ ਵੀਰਵਾਰ
ਭੋਗ ਸ਼੍ਰੀ ਆਖੰਡ ਪਾਠ ਸਾਹਿਬ ਮਿਤੀ : 6 ਅਪ੍ਰੈਲ ਦਿਨ ਸ਼ਨੀਵਾਰ
ਗੁ: ਰੋੜੀ ਸਾਹਿਬ, ਪਿੰਡ ਡਾਲਾ (ਮੋਗਾ)
LIVE ON
Nihang TV
ਭੋਗ ਉਪਰੰਤ
ਭਾਈ ਮਨਧੀਰ ਸਿੰਘ ਖਾਲਸਾ
ਸੰਗਤਾ ਨੂੰ ਗੁਰਮਤਿ ਵਿਚਾਰਾਂ ਰਾਂਹੀ
ਨਿਹਾਲ ਕਰਨਗੇ
Sikh phulwari vikas gurmat kendar dala
Like us Facebook page
ਸਮਾ:- ਗੱਤਕਾ ਸ਼ਾਮ 6ਵਜੇ ਤੋਂ ਦੇਰ ਰਾਤ ਤੱਕ
ਸੰਪਰਕ : 94658-51126, 92172-11786
GURUJI FLEX MOGA
WALLPAPER FLOOR MATT
FLEX, VINYAL, ONEWAY VISION PRINTING 98141-83619

# ਸੰਮਤ ੫੫੬ ਨਾਨਕਸ਼ਾਹੀ ਕੈਲੰਡਰ




### ਚੇਤ (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

### ਵੈਸਾਖ (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

### ਜੇਠ (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

### ਹਾੜ (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

### ਸਾਵਣ (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

### ਭਾਦੋਂ (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

### ਅੱਸੂ (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

### ਕੱਤਕ (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

### ਮੱਘਰ (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

### ਪੋਹ (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

### ਮਾਘ (ਜਨਵਰੀ-25 – ਫਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

### ਫੱਗਣ (ਫਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

ਸੰਗਰਾਂਦ | ਮੱਸਿਆ | ਪੂਰਨਮਾਸ਼ੀ | ਗੁਰਪੁਰਬ | ਇਤਿਹਾਸਕ ਦਿਹਾੜੇ | ਸ਼ਹੀਦੀ ਜੋੜ ਮੇਲੇ | ਭਗਤ ਸਾਹਿਬਾਨ ਦੇ ਦਿਹਾੜੇ

[illegible]

**ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.**

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥
ਖ਼ਾਲਸੇ ਮਹਿ ਹੌ ਕਰੌ ਨਿਵਾਸ ॥

# ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ

## Guru Nanak Gurdwara Cultural & Recreational Centre



ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਧਾਰਮਿਕ ਸਮਾਗਮ

## 21 ਅਪ੍ਰੈਲ ਦਿਨ ਐਤਵਾਰ

### ★ ਪ੍ਰੋਗਰਾਮ ★

21 ਅਪ੍ਰੈਲ ਸਵੇਰੇ 11ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਹੋਣਗੇ।

ਉਪਰੰਤ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਜਥਾ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਢਾਡੀ ਜਥਾ ਭਾਈ ਰਸਾਲ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ਼ ਜੋੜ ਸਿੱਖ ਇਤਿਹਾਸ ਦੀਆਂ ਵਾਰਾਂ ਨਾਲ਼ ਅਤੇ ਰਸ ਭਿੰਨੇ ਕੀਰਤਨ ਨਾਲ਼ ਨਿਹਾਲ ਕੀਤਾ ਜਾਵੇਗਾ।

ਉੱਘੀਆਂ ਪੰਥਕ ਸ਼ਖਸ਼ੀਅਤਾਂ ਵੀ ਇਸ ਸਮਾਗਮ ਆਪਣੇ ਵਿਚਾਰਾਂ ਨਾਲ਼ ਹਾਜ਼ਰੀ ਭਰਨਗੀਆ।

### ★ ਪ੍ਰਬੰਧਕ ਕਮੇਟੀ ★



ਭਾਈ ਭਾਗ ਸਿੰਘ (ਪ੍ਰਧਾਨ), ਭਾਈ ਸਰਬਜੀਤ ਸਿੰਘ ਦਿਓਲ (ਮੀਤ ਪ੍ਰਧਾਨ), ਭਾਈ ਲਖਬੀਰ ਸਿੰਘ ਰਾਏ (ਜਨਰਲ ਸਕੱਤਰ), ਭਾਈ ਲਖਬੀਰ ਸਿੰਘ ਰੰਧਾਵਾ (ਮੀਤ ਸਕੱਤਰ), ਭਾਈ ਗੁਰਮੇਲ ਸਿੰਘ (ਸਟੇਜ ਸਕੱਤਰ), ਭਾਈ ਅਮਰੀਕ ਸਿੰਘ (ਖਜਾਨਚੀ), ਬੀਬੀ ਬਲਵਿੰਦਰ ਕੌਰ ਸੰਧਰ (ਜਥੇਦਾਰਨੀ), ਭਾਈ ਬਲਦੇਵ ਸਿੰਘ (ਹੈਲਥ ਮਨਿਸਟਰ), ਭਾਈ ਜਸਵੀਰ ਸਿੰਘ (ਮੀਤ ਖਜਾਨਚੀ), ਭਾਈ ਅਵਤਾਰ ਸਿੰਘ ਮੱਲ੍ਹੀ (ਬਿਲਡਿੰਗ ਮੈਨਟੀਨੈਂਸ), ਸਰਦਾਰ ਮਹਿੰਦਰ ਸਿੰਘ ਉੱਪਲ।

ਸਮੂਹ ਗੁਰਦੁਆਰਾ ਸਾਹਿਬਾਨ, ਪੰਥਕ ਜਥੇਬੰਦੀਆਂ ਦੇ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੂੰ ਬੇਨਤੀ ਕਰਦੇ ਹਾਂ ਕਿ ਸਮੇਂ ਸਿਰ ਪਹੁੰਚ ਕੇ ਗੁਰਬਾਣੀ, ਸਿੱਖ ਇਤਿਹਾਸ ਸਰਵਣ ਕਰਕੇ ਲਾਹਾ ਪ੍ਰਾਪਤ ਕਰੋ ਜੀ।

## ਬੇਨਤੀ ਕਰਤਾ : ਪ੍ਰਬੰਧਕ ਕਮੇਟੀ ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ ਅਤੇ ਸਮੂਹ ਸਾਧ ਸੰਗਤ

**2-20 Tunbridge Street, Preston, Lancashire PR1 5YP**
**Contact : 01772-798 395/07958 683 500**

ਸਾਰੇ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।




## ਗੁਰੂ ਕਾਸ਼ੀ ਯੂਨੀਵਰਸਿਟੀ ਦੇ ਰੈੱਡ ਰਿਬਨ ਕਲੱਬਾਂ ਦੇ ਪ੍ਰੋਗਰਾਮ ਅਫ਼ਸਰ ਤੇ

# ਵਲੰਟੀਅਰ ਰਾਜ ਪੱਧਰੀ ਸਮਾਰੋਹ ਵਿੱਚ ਸਨਮਾਨਿਤ




**ਤਲਵੰਡੀ ਸਾਬੋ, 03 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਡਾਇਰੈਕਟਰ ਯੁਵਕ ਸੇਵਾਵਾਂ, ਪੰਜਾਬ ਸਰਕਾਰ ਚੰਡੀਗੜ੍ਹ ਵੱਲੋਂ ਰੈੱਡ ਰਿਬਨ ਕਲੱਬ ਦੇ ਪ੍ਰੋਗਰਾਮ ਅਫ਼ਸਰਾਂ ਦਾ ਰਾਜ ਪੱਧਰੀ ਸਨਮਾਨ ਸਮਾਰੋਹ ਅਮਿਟੀ ਯੂਨੀਵਰਸਿਟੀ, ਮੋਹਾਲੀ ਵਿਖੇ ਹੋਇਆ। ਇਸ ਸ਼ਾਨਦਾਰ ਸਮਾਰੋਹ ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਰੈੱਡ ਰਿਬਨ ਕਲੱਬਾਂ ਦੇ ਪ੍ਰੋਗਰਾਮ ਅਫ਼ਸਰ ਡਾ. ਜਸਵਿੰਦਰ ਸਿੰਘ ਤੇ ਇਰਸ਼ਾਦ ਆਲਮ ਨੂੰ ਬੈਸਟ ਪ੍ਰੋਗਰਾਮ ਅਫ਼ਸਰ, ਰਾਜ ਕੁਮਾਰ ਸਿੰਘ ਅਤੇ ਸੇਵਕ ਸਿੰਘ ਨੂੰ ਬੈਸਟ ਵਲੰਟੀਅਰ ਵਜੋਂ ਸਨਮਾਨਿਤ ਕੀਤਾ ਗਿਆ। ਉਨ੍ਹਾਂ ਦੀ ਇਸ ਪ੍ਰਾਪਤੀ ਤੇ ਜੀ.ਕੇ.ਯੂ. ਦੇ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਕਿਹਾ ਕਿ 'ਵਰਸਿਟੀ ਵੱਲੋਂ ਪੜ੍ਹਾਈ ਦੇ ਨਾਲ-ਨਾਲ ਸਮਾਜ ਸੇਵਾ ਲਈ ਵੀ ਜਾਗਰੂਕਤਾ ਅਭਿਆਨ ਚਲਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 'ਵਰਸਿਟੀ ਵੱਲੋਂ ਏਡਜ਼/ਐਚ.ਆਈ.ਵੀ. ਦੀ ਰੋਕਥਾਮ ਲਈ ਵੱਖ-ਵੱਖ ਪਿੰਡਾਂ ਵਿੱਚ ਜਾਗਰੂਕਤਾ ਅਭਿਆਨ ਅਤੇ ਜਾਗਰੂਕਤਾ ਰੈਲੀਆਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਸੈ੍ਰ-ਇੱਛੁਕ ਖੂਨ ਦਾਨ ਦੀ ਲਹਿਰ ਨੂੰ ਹੁੰਗਾਰਾ ਦੇਣ ਲਈ 'ਵਰਸਿਟੀ ਵੱਲੋਂ ਕਈ ਵੱਡੇ ਪੱਧਰ ਤੇ ਸੈ੍ਰ-ਇੱਛੁਕ ਖੂਨ ਦਾਨ ਕੈਂਪ ਵੀ ਆਯੋਜਿਤ ਕੀਤੇ ਗਏ ਹਨ। ਉਨ੍ਹਾਂ ਇਸ ਪ੍ਰਾਪਤੀ 'ਤੇ ਦੋਹੇਂ ਪ੍ਰੋਗਰਾਮ ਅਫ਼ਸਰਾਂ ਨੂੰ ਵਧਾਈ ਦਿੱਤੀ। ਉਪ ਕੁਲਪਤੀ ਪ੍ਰੋ. (ਡਾ.) ਐਸ.ਕੇ. ਬਾਵਾ ਨੇ ਕਿਹਾ ਕਿ ਇਹ ਸਨਮਾਨ 'ਵਰਸਿਟੀ ਨੂੰ ਸਮਾਜ ਸੇਵਾ ਲਈ ਤੇਜ਼ੀ ਨਾਲ ਕੰਮ ਕਰਨ ਦੀ ਪ੍ਰੇਰਣਾ ਦੇਣਗੇ। ਉਨ੍ਹਾਂ ਦੱਸਿਆ ਕਿ 'ਵਰਸਿਟੀ ਦੇ ਐਨ.ਐਸ.ਐਸ ਵਿਭਾਗ ਤੇ ਵੱਖ-ਵੱਖ ਰੈੱਡ ਰਿਬਨ ਕਲੱਬਾਂ ਵੱਲੋਂ ਡਾਇਰੈਕਟਰ ਵਿਦਿਆਰਥੀ ਭਲਾਈ ਸ. ਸਰਦੂਲ ਸਿੰਘ ਸਿੱਧੂ ਦੇ ਅਗਵਾਈ ਹੇਠ ਸਫਾਈ ਅਭਿਆਨ, ਨਸ਼ੇ ਛੱਡੋ-ਕੋਹੜ ਵੱਡੋ, ਟ੍ਰੈਫਿਕ ਨਿਯਮਾਂ ਆਦਿ ਸਬੰਧੀ ਜਾਗਰੂਕਤਾ ਅਭਿਆਨ ਵੀ ਚਲਾਏ ਜਾ ਰਹੇ ਹਨ। ਉਨ੍ਹਾਂ ਇਸ ਮਾਣਮੱਤੀ ਪ੍ਰਾਪਤੀ 'ਤੇ ਰੈੱਡ ਰਿਬਨ ਦੇ ਸਮੂਹ ਪ੍ਰੋਗਰਾਮ ਅਫ਼ਸਰਾਂ, ਵਲੰਟੀਅਰਾਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਚੰਡੀਗੜ੍ਹ ਵਿਖੇ ਹੋਏ ਸਨਮਾਨ ਸਮਾਰੋਹ ਵਿੱਚ ਡਾਇਰੈਕਟਰ ਯੁਵਕ ਸੇਵਾਵਾਂ ਸ. ਕੁਲਵਿੰਦਰ ਸਿੰਘ ਤੇ ਪਤਵੰਤਿਆਂ ਵੱਲੋਂ ਦੋਹੇਂ ਪ੍ਰੋਗਰਾਮ ਅਫ਼ਸਰਾਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ।

## ਸਮਾਜ ਵਿਰੋਧੀ ਅਨਸਰਾਂ ਦੁਆਰਾ ਨਕਲੀ ਸਿੱਖ ਪਾਤਰਾਂ ਨੂੰ ਅਪਮਾਨਜਨਕ ਢੰਗ ਨਾਲ ਡਾਂਸਰਾਂ ਵਜੋਂ ਪੇਸ਼ ਕਰ ਸਿੱਖਾਂ ਦਾ ਉਡਾਇਆ ਮਜ਼ਾਕ: ਬੀਬੀ ਰਣਜੀਤ ਕੌਰ

# ਪੁਲਿਸ ਮਹਿਕਮਾ ਅਤੇ ਰਾਜ ਸਰਕਾਰ ਕੋਲੋਂ ਤੁਰੰਤ ਕਾਰਵਾਈ ਦੀ ਮੰਗ




ਨਵੀਂ ਦਿੱਲੀ 3 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੀ ਮਹਿਲਾ ਵਿੰਗ ਦੇ ਮੁੱਖ ਸੇਵਾਦਾਰ ਬੀਬੀ ਰਣਜੀਤ ਕੌਰ ਨੇ ਮੀਡੀਆ ਨੂੰ ਜਾਰੀ ਆਪਣੇ ਬਿਆਨ ਰਾਹੀਂ ਦਸਿਆ ਕਿ ਗੜ੍ਹਸ਼ੰਕਰ ਤੋਂ ਬਹੁਤ ਹੀ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ। ਇੱਕ ਧਾਰਮਿਕ ਸਮਾਗਮ ਦੇ ਪ੍ਰਬੰਧਕਾਂ ਨੇ ਬਹੁਤ ਹੀ ਅਪਮਾਨਜਨਕ ਢੰਗ ਨਾਲ ਦੋ ਡਾਂਸਰਾਂ ਨੂੰ ਸਿੱਖ ਪਾਤਰ ਵਜੋਂ ਪੇਸ਼ ਕੀਤਾ। ਦੋਵੇਂ ਪਾਤਰ ਨਕਲੀ ਮੁੱਛਾਂ ਅਤੇ ਦਾੜ੍ਹੀਆਂ ਵਾਲੇ ਸਿੱਖ ਬੱਚਿਆਂ ਵਾਂਗ ਪਹਿਨੇ ਹੋਏ ਸਨ। ਇਹ ਸਿੱਖਾਂ ਦਾ ਮਜ਼ਾਕ ਹੈ ਅਤੇ ਬਹੁਤ ਹੀ ਅਪਮਾਨਜਨਕ ਹੈ। ਉਨ੍ਹਾਂ ਕਿਹਾ ਕਿ ਅਸੀ ਪੁਲਿਸ ਮਹਿਕਮਾ ਅਤੇ ਰਾਜ ਸਰਕਾਰ ਕੋਲੋਂ ਤੁਰੰਤ ਕਾਰਵਾਈ ਦੀ ਮੰਗ ਕਰਦਿਆਂ ਇਸ ਮਾਮਲੇ ਦੀ ਜਲਦੀ ਤੋਂ ਜਲਦੀ ਜਾਂਚ ਕਰਨ ਦੀ ਬੇਨਤੀ ਕਰਦੇ ਹਾਂ ਤਾਂ ਜੋ ਸਿੱਖਾਂ ਦਾ ਮਜ਼ਾਕ ਉਡਾਉਣ ਵਾਲੇ ਦੋਸ਼ੀਆਂ ਨੂੰ ਨੱਥ ਪਾਈ ਜਾ ਸਕੇ। ਇਸ ਵੀਡੀਓ ਨੂੰ ਫੇਸਬੁੱਕ ਯੂਜ਼ਰ ਕਪਿਲ ਮਲਹੋਤਰਾ ਦੁਆਰਾ ਲਾਈਵ-ਪ੍ਰਸਾਰਿਤ ਕੀਤਾ ਗਿਆ ਸੀ । ਅਸੀਂ ਕੇਂਦਰ ਸਰਕਾਰ ਨੂੰ ਵੀ ਬੇਨਤੀ ਕਰਦੇ ਹਾਂ ਕਿ ਉਹ ਇਸ ਘਟਨਾ ਵੱਲ ਧਿਆਨ ਦੇਣ ਕਿਉਂਕਿ ਇਹ ਸਮਾਜ ਵਿਰੋਧੀ ਅਨਸਰਾਂ ਦੁਆਰਾ ਭਾਈਚਾਰਿਆਂ ਦਰਮਿਆਨ ਫਿਰਕੂ ਤਣਾਅ ਪੈਦਾ ਕਰਨ ਦੀ ਇੱਕ ਘਿਨਾਉਣੀ ਕੋਸ਼ਿਸ਼ ਹੋ ਸਕਦੀ ਹੈ, ਖਾਸ ਕਰਕੇ ਜਦੋਂ ਸਿੱਖਾਂ ਵਿਰੁੱਧ ਨਫ਼ਰਤ ਦੀਆਂ ਮੁਹਿੰਮਾਂ ਵੱਧ ਰਹੀਆਂ ਹਨ।

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ "ਇੰਨਵਾਇਰਮੈਂਟ ਐਜੂਕੇਸ਼ਨ ਪ੍ਰੋਗਰਾਮ" ਤਹਿਤ

# ਵਾਇਲਡ ਲਾਇਫ਼ ਫੋਟੋਗ੍ਰਾਫੀ ਤੇ ਆਲ੍ਹਣੇ ਬਣਾਉਣ ਦੇ ਮੁਕਾਬਲੇ ਆਯੋਜਿਤ






**ਤਲਵੰਡੀ ਸਾਬੋ, 03 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਉਪ ਕੁਲਪਤੀ ਪ੍ਰੋ.(ਡਾ.)ਐਸ.ਕੇ.ਬਾਵਾ ਦੇ ਮਾਰਗ ਦਰਸ਼ਨ ਹੇਠ ਭਾਰਤ ਸਰਕਾਰ ਦੇ ਵਾਤਾਵਰਣ ਤੇ ਜੰਗਲਾਤ ਮੰਤਰਾਲਾ, ਪੰਜਾਬ ਸਟੇਟ ਕੌਂਸਿਲ ਫ਼ਾਰ ਸਾਇੰਸ ਐਂਡ ਟੈਕਨਾਲੋਜੀ ਵੱਲੋਂ "ਇੰਨਵਾਇਰਮੈਂਟ ਐਜੂਕੇਸ਼ਨ ਪ੍ਰੋਗਰਾਮ" ਤਹਿਤ ਵਿਦਿਆਰਥੀਆਂ ਨੂੰ ਵਾਤਾਵਰਣ ਪ੍ਰਤੀ ਜਾਗਰੂਕ ਕਰਨ ਲਈ ਸਹਾਇਕ ਡੀਨ, ਡਾ. ਕੰਵਲਜੀਤ ਕੌਰ ਦੀ ਦੇਖ-ਰੇਖ ਹੇਠ ਫੈਕਲਟੀ ਆਫ਼ ਵਿਜ਼ੂਅਲ ਐਂਡ ਪਰਫੋਰਮਿੰਗ ਆਰਟਸ ਵੱਲੋਂ ਵੱਖ-ਵੱਖ ਖੇਤਰਾਂ ਦੇ ਮੁਕਾਬਲੇ ਮਿਤੀ 22 ਅਪ੍ਰੈਲ 2024 ਤੱਕ ਕਰਵਾਏ ਜਾ ਰਹੇ ਹਨ। ਜਿਸ ਤਹਿਤ ਪਹਿਲੇ ਦਿਨ ਵਾਤਾਵਰਣ ਸੰਬੰਧੀ ਫੋਟੋਗ੍ਰਾਫੀ ਤੇ ਦੂਜੇ ਦਿਨ ਬੇਜ਼ੁਬਾਨ ਪਰਿੰਦਿਆਂ ਲਈ ਆਲ੍ਹਣੇ ਬਣਾਉਣ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। ਪ੍ਰੋਗਰਾਮ ਸੰਬੰਧੀ ਜਾਣਕਾਰੀ ਦਿੰਦਿਆਂ ਡਾ. ਬਾਵਾ ਨੇ ਕਿਹਾ ਕਿ ਜੀ.ਕੇ.ਯੂ. ਵੱਲੋਂ ਲੋਕਾਂ ਅਤੇ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸਾਂਭ-ਸੰਭਾਲ, ਆਲੇ ਦੁਆਲੇ ਨੂੰ ਸਾਫ ਸੁਥਰਾ ਅਤੇ ਚੌਗਿਰਦੇ ਨੂੰ ਹਰਿਆ ਭਰਿਆ ਰੱਖਣ ਲਈ ਇਹ ਮੁਕਾਬਲੇ ਆਯੋਜਿਤ ਕੀਤੇ ਜਾ ਰਹੇ ਹਨ। ਉਨ੍ਹਾਂ ਬੇਜ਼ੁਬਾਨ ਪੰਛੀਆਂ ਅਤੇ ਜੀਵ-ਜੰਤੂਆਂ ਦੀ ਦੇਖ-ਭਾਲ ਲਈ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਮੁਕਾਬਲੇ ਬਾਰੇ ਜਾਣਕਾਰੀ ਦਿੰਦਿਆ ਡਾ. ਕੰਵਲਜੀਤ ਨੇ ਦੱਸਿਆ ਕਿ ਵਿਦਿਆਰਥੀਆਂ ਵਿੱਚ ਜੀਵ-ਜੰਤੂਆਂ ਪ੍ਰਤੀ ਪ੍ਰੇਮ ਪਿਆਰ ਅਤੇ ਸੇਵਾ ਦੀ ਭਾਵਨਾ ਨੂੰ ਜਾਗਰੂਕ ਕਰਨ ਲਈ ਵਾਤਾਵਰਣ ਅਨੁਕੂਲ ਵਸਤਾਂ ਨਾਲ ਆਲ੍ਹਣੇ ਬਣਾਏ ਗਏ ਤਾਂ ਕਿ ਗਰਮੀ, ਸਰਦੀ ਅਤੇ ਬਾਰਿਸ਼ ਤੋਂ ਬਚਣ ਲਈ ਆਲ੍ਹਣੇ ਪਰਿੰਦਿਆਂ ਲਈ ਮੁਸ਼ਿਕਲ ਘੜੀ ਵਿੱਚ ਆਰਾਮਦਾਇਕ ਪਨਾਹਗਾਹ ਬਣ ਸਕਣ। ਉਨ੍ਹਾਂ ਦੱਸਿਆ ਕਿ ਪਹਿਲੇ ਦਿਨ ਵਾਇਲਡਲਾਇਫ਼ ਫੋਟੋਗ੍ਰਾਫੀ ਮੁਕਾਬਲੇ ਵਿੱਚ ਫੈਬਿਓ ਨੇ 2000 ਰੁਪਏ ਦਾ ਪਹਿਲਾ, ਰਾਸ਼ੀਦ ਨੇ 1500 ਰੁਪਏ ਦਾ ਦੂਜਾ, ਅੰਜਾਰ ਸ਼ਾਦੀ ਨੇ 1000 ਰੁਪਏ ਦਾ ਤੀਜਾ ਅਤੇ ਦੂਜੇ ਦਿਨ ਆਲ੍ਹਣੇ ਬਣਾਉਣ ਦੇ ਮੁਕਾਬਲੇ ਵਿੱਚ ਲਵਪ੍ਰੀਤ ਸਿੰਘ ਨੇ 2000 ਰੁਪਏ ਦਾ ਪਹਿਲਾ, ਰਾਜਪਾਲ ਨੇ 1500 ਰੁਪਏ ਦਾ ਦੂਜਾ ਤੇ ਸਚਿਨ ਨੇ 1000 ਰੁਪਏ ਦਾ ਤੀਜਾ ਇਨਾਮ ਹਾਸਲ ਕੀਤਾ। ਜੇਤੂਆਂ ਨੂੰ ਯੂਨੀਵਰਸਿਟੀ ਵੱਲੋਂ ਸਰਟੀਫਿਕੇਟ ਨਾਲ ਵੀ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜ਼ਾਬ ਦੀਆਂ 13 ਲੋਕ ਸਭਾ ਸੀਟਾਂ ਤੇ ਲੋਕ ਸਭਾ ਚੋਣਾਂ ਵਿੱਚ ਓ ਬੀ ਸੀ,ਐਸ ਸੀ,ਐਸ ਟੀ ਸਾਂਝੇ ਫਰੰਟ ਦੇ ਬੈਨਰ ਥੱਲੇ

# ਅਜ਼ਾਦ ਉਮੀਦਵਾਰ ਖੜੇ ਕਰਾਂਗੇ- ਡਾ: ਗੁਰਮੇਜ ਸਿੰਘ ਮਠਾੜੂ



**ਚੌਕ ਮਹਿਤਾ, 3 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਲੋਕ ਸਭਾ ਚੋਣਾਂ 2024 ਜੋ ਜੂਨ ਮਹੀਨੇ ਵਿੱਚ ਹੋ ਰਹੀਆਂ ਹਨ ਦੇ ਸੰਬੰਧ ਵਿੱਚ ਅੱਜ ਜ਼ਿਲ੍ਹਾ ਅੰਮ੍ਰਿਸਰ ਦੇ ਰਣਜੀਤ ਐਵੀਨਿਊ ਵਿੱਚ ਬੀ ਸੀ /ਓ ਬੀ ਸੀ ਵਰਗ ਦੇ ਵੱਖ ਵੱਖ ਸੰਗਠਨਾਂ ਦੇ ਆਗੂਆਂ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ ਓ ਬੀ ਸੀ ਇੰਡੀਆ ਦੇ ਨੈਸ਼ਨਲ ਪ੍ਰਧਾਨ ਡਾਕਟਰ ਗੁਰਮੇਜ ਸਿੰਘ ਮਠਾੜੂ ਨੇ ਕਿਹਾ ਕਿ ਜੇਕਰ ਇਸ ਵਾਰ ਰਾਜਨੀਤਕ ਪਾਰਟੀਆਂ ਓ ਬੀ ਸੀ ਵਰਗ ਦੇ ਲੋਕਾਂ ਨੂੰ ਚੋਣਾਂ ਲਈ ਬਰਾਬਰ ਉਮੀਦਵਾਰ ਹਿੱਸੇਦਾਰੀ ਨਹੀ ਦਿੰਦੀਆਂ ਹਨ ਤਾਂ ਪੰਜਾਬ ਦੇ ਸਾਰੇ ਓ ਬੀ ਸੀ / ਐਸ ਸੀ ਵਰਗ ਦੇ ਸੰਗਠਨਾਂ ਦੇ ਆਗੂਆਂ ਨੂੰ ਚਾਹੀਦਾ ਹੈ ਕਿ ਜਲਦੀ ਤੋਂ ਜਲਦੀ ਸਾਰੇ ਆਗੂ ਇੱਕਠੇ- ਇਕਜੁੱਟ ਹੋ ਕੇ ਇਸ ਵਾਰ ਪੰਜਾਬ ਦੀਆਂ 13 ਲੋਕ ਸਭਾ ਸੀਟਾਂ / ਹਲਕਿਆਂ ਤੋਂ ਆਪਣੇ ਆਪਣੇ ਅਜ਼ਾਦ ਉਮੀਦਵਾਰ ਖੜੇ ਕਰਕੇ /ਜਿਤਾ ਕੇ ਇਸ ਵਾਰ ਲੋਕ ਸਭਾ ਵਿੱਚ ਭੇਜਣ ਲਈ ਆਪਣੀ ਪਹਿਲ ਕਦਮੀ ਕਰਨ ਤਾਂ ਜੋ ਓ ਬੀ ਸੀ ਵਰਗ ਦੀ ਤਾਕਤ ਦਾ ਸਭਨਾ ਪਾਰਟੀਆਂ ਨੂੰ ਪਤਾ ਲੱਗ ਜਾਵੇਗਾ ਅਤੇ ਇਸਤੋਂ ਬਾਅਦ ਪੰਚਾਇਤੀ ਚੋਣਾਂ, ਨਗਰ ਨਿਗਮ, ਨਗਰ ਕੌਂਸਲ, ਨਗਰ ਪੰਚਾਇਤਾਂ ਅਤੇ 2027 ਵਿੱਚ 117 ਵਿਧਾਨ ਸਭਾ ਹਲਕਿਆਂ ਤੋਂ ਵੀ ਸਾਂਝਾ ਫਰੰਟ ਚੋਣਾਂ ਲੜੇਗਾ ਅਤੇ ਵਿੱਚ ਵਿਚਾਲੇ ਆਉਣ ਵਾਲੀਆਂ ਸਾਰੀਆਂ ਜ਼ਿਮਨੀ ਚੋਣਾਂ ਵੀ ਲੜੇਗਾ।

ਆਲ ਇੰਡੀਆ ਬੈਕਵਰਡ ਕਲਾਸਿਸ ਫੈਡਰੇਸ਼ਨ ਦੇ ਪੰਜਾਬ ਪ੍ਰਧਾਨ ਕੁਲਵੰਤ ਸਿੰਘ ਮੱਲ੍ਹੀ ਨੇ ਮੀਟਿੰਗ ਦੋਰਾਨ ਓ ਬੀ ਸੀ ਵਰਗ ਦੇ ਭੱਖਦੇ ਮੱਸਲਿਆ ਅਤੇ ਲੋਕ ਸਭਾ ਚੋਣਾਂ 2024 ਦੇ ਸੰਬੰਧ ਵਿੱਚ ਵੱਖ ਵੱਖ ਸੰਗਠਨਾਂ ਦੇ ਆਗੂਆਂ ਨੇ ਵਿਚਾਰ ਚਰਚਾ ਕੀਤੀ ਤੇ ਇਕਜੁਟ ਹੋ ਕੇ ਚੱਲਣ ਦਾ ਫੈਸਲਾ ਕੀਤਾ ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕੁਲਵੰਤ ਸਿੰਘ ਮੱਲ੍ਹੀ ਨੇ ਦੱਸਿਆ ਕਿ ਪੰਜਾਬ ਵਿੱਚ ਓ ਬੀ ਸੀ ਵਰਗ ਦੇ ਲੱਗ ਭੱਗ 45% ਲੋਕ ਵੱਸਦੇ ਹਨ ਅਤੇ ਇਹ ਵਰਗ ਸਭ ਵਰਗਾ ਤੋਂ ਜਨਸੰਖਿਆਂ ਵਿੱਚ ਜ਼ਿਆਦਾ ਹੈ ਪਰ ਅਫ਼ਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਅੱਜ ਤੱਕ ਕਿਸੇ ਵੀ ਰਾਜਨੀਤਕ ਪਾਰਟੀ ਨੇ ਇਸ ਵਰਗ ਦੇ ਲੋਕਾਂ ਨੂੰ ਆਪਣੀ ਆਪਣੀ ਪਾਰਟੀ ਵਿੱਚ ਉਮੀਦਵਾਰੀ ਲਈ ਬਣਦੀ ਬਰਾਬਰ ਹਿੱਸੇਦਾਰੀ /ਸੀਟ ਨਹੀ ਦਿੱਤੀ ਹੈ ਜੋ ਓ ਬੀ ਸੀ ਵਰਗ ਦੇ ਲੋਕਾਂ ਨਾਲ ਇਹਨਾਂ ਪਾਰਟੀਆਂ ਵੱਲੋਂ ਲੰਮੇ ਸਮੇਂ ਤੋਂ ਅਨਿਆਂ ਹੁੰਦਾ ਆ ਰਿਹਾ ਹੈ ਜੋ ਸਮਾਜ ਲਈ ਇਕ ਗੰਭੀਰ ਵਿਸ਼ਾ ਹੈ ।ਇੱਥੋਂ ਤੱਕ ਕਿ ਬੈਕਵਰਡ ਕਲਾਸਿਸ ਦੇ ਲੋਕਾਂ ਨੂੰ ਹੁਣ ਤੱਕ ਕਿਸੇ ਵੀ ਸਰਕਾਰ ਨੇ ਪੰਜਾਬ ਵਿੱਚ ਬੀ ਪੀ ਮੰਡਲ ਕਮਿਸ਼ਨ 1980 ਦੀ ਰਿਪੋਟ ਅਨੁਸਾਰ 27% ਰਾਖਵਾਂਕਰਨ ਇਸ ਵਰਗ ਦੇ ਲੋਕਾਂ ਨੂੰ ਨਹੀ ਦਿੱਤਾ ਹੈ ਜੋ ਇਸ ਵਰਗ ਦੇ ਲੋਕਾਂ ਨਾਲ ਇਕ ਅਨਿਆਂ ਹੈ ।ਬੀ ਸੀ ਏਕਤਾ ਮੰਚ ਪੰਜਾਬ ਦੇ ਚੇਅਰਮੈਨ ਨਰਿੰਦਰ ਸਿੰਘ ਸੱਗੂ ਨੇ ਕਿਹਾ ਕਿ ਮੋਜੂਦਾ ਪੰਜਾਬ ਸਰਕਾਰ ਦੇ ਦੋ ਸਾਲ ਬੀਤ ਗਏ ਹਨ ਪਰ ਅਜੇ ਤੱਕ ਵੀ ਓ ਬੀ ਸੀ ਵਰਗ ਦੀ ਜਾਤੀਗਤ ਜਨਗੰਨਣਾ ਕਰਾਉਣ ਲਈ ਮਾਨ ਸਰਕਾਰ ਵੱਲੋਂ ਕੋਈ ਪਹਿਲ ਕਦਮੀ ਨਹੀ ਕੀਤੀ ਜਾ ਰਹੀ ਹੈ ਜਿਸਦੀ ਉਮੀਦ ਓ ਬੀ ਸੀ ਵਰਗ ਵੱਲੋਂ ਲਗਾਈ ਜਾ ਰਹੀ ਸੀ

ਇਸ ਸਮੇਂ ਚੇਅਰਮੈਨ ਸੰਤੋਖ ਸਿੰਘ ਰਾਹੀ ਓ ਬੀ ਸੀ ਮੋਰਚਾ ਪੰਜਾਬ ਨੇ ਕਿਹਾ ਕਿ ਲੰਮੇ ਸਮੇਂ ਤੋਂ ਖੇਤਰੀ ਅਤੇ ਰਾਸ਼ਟਰੀ ਪਾਰਟੀਆ ਨੇ ਬੈਕਵਰਡ ਕਲਾਸ ਦੇ ਲੋਕਾਂ ਨੂੰ ਲੋਲੀਪੋਪ ਦੇਣ ਤੋਂ ਸਿਵਾ ਹੋਰ ਕੁੱਝ ਨਹੀ ਦਿੱਤਾ ਹੈ ਤੇ ਨਾ ਹੀ ਅੱਗੇ ਦੇਣਾ ਹੈ ਇਹ ਬੈਕਵਰਡ ਕਲਾਸਿਸ ਦੇ ਲੋਕਾਂ ਨੂੰ ਸਮਝਣਾ ਪੈਣਾ ਹੈ ਤੇ ਆਪਣੇ ਬੇਗਾਨੇ ਦੀ ਪਹਿਚਾਣ ਕਰਨੀ ਪੈਣੀ ਹੈ ਤੇ ਓ ਬੀ ਸੀ /ਐਸ ਸੀ/ਐਸ ਟੀ /ਮਿਨੀਉਰਟੀ ਵਰਗ ਦੇ ਲੋਕਾਂ ਨੂੰ ਇਕਜੁਟ ਹੋ ਕੇ ਚੱਲਣਾ ਪੈਣਾ ਹੈ ਤਾਂ ਹੀ ਅਸੀ ਰਾਜ ਭਾਗ ਲੈ ਸਕਦੇ ਹਾਂ ।ਰਾਸ਼ਟਰੀ ਕਸ਼ਅਪ ਮਹਾਂ ਸਭਾ ਦੇ ਜਰਨਲ ਸਕੱਤਰ ਰਜਿੰਦਰ ਸਿੰਘ ਸਫਰ ਨੇ ਕਿਹਾ ਕਿ ਸਾਨੂੰ ਸਾਰੇ ਮੂਲਨਿਵਾਸੀ ਲੋਕਾਂ ਨੂੰ ਭਾਰਤ ਦਾ ਸੰਵਿਧਾਨ ਬਚਾਉਣ ਲਈ ਅੱਗੇ ਆਉਣਾ ਪੈਣਾ ਹੈ ਅਤੇ ਇਕਜੁੱਟ ਹੋ ਕੇ ਚੱਲਣਾ ਪੈਣਾ ਹੈ ਅਤੇ ਇਸਵਾਰ ਦੀਆਂ ਲੋਕ ਸਭਾ ਚੋਣਾਂ ਵਿੱਚ ਵੱਧ ਤੋ ਵੱਧ ਹਿੱਸਾ ਲੈ ਕੇ ਸਾਨੂੰ ਆਪਣੇ ਉਮੀਦਵਾਰਾਂ ਨੂੰ ਜਿਤਾਉਣਾ ਚਾਹੀਦਾ ਹੈ ।ਮੀਟਿੰਗ ਦੇ ਅਖੀਰ ਵਿੱਚ ਕੁਲਵੰਤ ਸਿੰਘ ਮੱਲ੍ਹੀ ਨੇ ਮੀਟਿੰਗ ਵਿੱਚ ਆਏ ਸਾਰੇ ਆਗੂਆਂ ਦਾ ਧੰਨਵਾਦ ਕੀਤਾ ਅਤੇ ਓ ਬੀ ਸੀ ਵਰਗ ਦੇ ਸਮਾਜਿਕ ਨਿਆਂ /ਸਮਾਜਿਕ ਪਰਿਵਰਤਨ ਲਈ ਬੈਕਵਰਡ ਕਲਾਸਿਸ ਵਰਗ ਦੇ ਸਮੂਹ ਲੋਕਾਂ ਨੂੰ ਅਪੀਲ ਕੀਤੀ ਕੀ ਇਸ ਵਾਰ ਆਪਣੇ ਕੀਮਤੀ ਵੋਟ ਦੀ ਵਰਤੋ ਸੋਚ ਸਮਝ ਕੇ ਬਿਨਾਂ ਕਿਸੇ ਲਾਲਚ ਡਰ ਦੇ ਕਰਨੀ ਹੈ ਅਤੇ ਪਿੰਡ ਪਿੰਡ ,ਸ਼ਹਿਰ ਸ਼ਹਿਰ ਲੋਕਾਂ ਨੂੰ ਸੰਵਿਧਾਨਿਕ ਹੱਕਾਂ ਪ੍ਰਤੀ ਜਾਗਰੂਕ ਕਰਨ ਲਈ ਮੀਟਿੰਗਾਂ ਦਾ ਸਿਲਸਿਲਾ ਜਾਰੀ ਰੱਖਣਾ ਚਾਹੀਦਾ ਹੈ ਅਤੇ ਆਪਣੇ ਹੱਕਾਂ ਲਈ ਆਪਣੇ ਆਗੂਆਂ ਦਾ ਤਨ ਮੰਨ ਧਨ ਨਾਲ ਪਾਰਟੀ ਬਾਜ਼ੀ ਤੋ ਉੱਪਰ ਉੱਠ ਕੇ ਸਾਥ ਦੇਣਾ ਹੈ ਤੇ ਸਭ ਨੂੰ ਇਕਜੁੱਟ ਹੋ ਕੇ ਚੱਲਣਾ ਪੈਣਾ ਹੈ। ਇਸ ਸਮੇਂ ਐਡਵੋਕੇਟ ਰਘਬੀਰ ਸਿੰਘ ,ਜ਼ਿਲ੍ਹਾ ਦਿਹਾਤੀ ਪ੍ਰਧਾਨ ਲਖਵਿੰਦਰ ਸਿੰਘ ਕਲੇਰ ਆਲ ਇੰਡੀਆ ਬੈਕਵਰਡ ਕਲਾਸਿਸ ਫੈਡਰੇਸ਼ਨ , ਦਵਿੰਦਰ ਸਿੰਘ ਜਿਲਾ ਪ੍ਰਧਾਨ ਕਸ਼ਅਪ ਮਹਾ ਸਭਾ ,ਹਰਮੀਤ ਸਿੰਘ ਆਦਿ ਹੋਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਰਾਸਾ ਯੂ.ਕੇ. ਪੰਜਾਬ ਨੇ ਗੁਰੂ ਕੀ ਨਗਰੀ ਅੰਮ੍ਰਿਤਸਰ ਵਿਖੇ ਯੂ.ਐਸ.ਏ. ਦੀ ਐਮਬੈਂਸੀ ਦਾ ਦਫਤਰ ਅਤੇ ਅੰਮ੍ਰਿਤਸਰ ਤੋਂ ਸਿਧੀਆ ਕੌਮਾਂਤਰੀ ਉਡਾਣਾਂ ਚਲਾਉਣ ਦੀ ਕੀਤੀ ਮੰਗ :ਹਰਪਾਲ ਸਿੰਘ ਰਾਸਾ ਯੂ.ਕੇ.




**ਚੌਕ ਮਹਿਤਾ, 3 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਦੇ ਅੰਮ੍ਰਿਤਸਰ ਸ਼ਹਿਰ ਵਿਚ ਹਰ ਰੋਜ ਡੇਢ ਤੋਂ 2 ਲੱਖ ਯਾਤਰੂ ਗੁਰੂ ਕੀ ਨਗਰੀ ਦੇ ਦਰਸ਼ਨ ਕਰਨ ਆਉਂਦੇ ਹਨ ਅਤੇ ਬਹੁਤ ਸਾਰੇ ਲੋਕ ਵੱਖ-ਵੱਖ ਦੇਸ਼ਾਂ ਤੋਂ ਅੰਮ੍ਰਿਤਸਰ ਦੇ ਗੁਰੂ ਘਰ ਸ੍ਰੀ ਦਰਬਾਰ ਸਾਹਿਬ, ਦੁਰਗਿਆਨਾ ਮੰਦਿਰ, ਜਲਿਆਂਵਾਲਾ ਬਾਗ, ਖਾਲਸਾ ਕਾਲਜ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੇਖਣ ਆਉਂਦੇ ਹਨ। ਮਾਂਝੇ ਦੇ ਬਹੁਤ ਸਾਰੇ ਬੱਚੇ ਜਿਵੇਂ ਅਮਰੀਕਾ, ਕਨੇਡਾ, ਨਿਊਜੀਲੈਂਡ, ਅਸਟ੍ਰੇਲੀਆ ਵਿਚ ਪੜਣ ਲਈ ਗਏ ਹੋਏ ਹਨ। ਉਹਨਾਂ ਦੇ ਮਾਂ-ਬਾਪ ਅਤੇ ਰਿਸ਼ਤੇਦਾਰ ਅਕਸਰ ਹੀ ਬਾਹਰ ਅੰਦਰ ਆਉਂਦੇ ਜਾਂਦੇ ਰਹਿੰਦੇ ਹਨ ਅਤੇ ਵੱਖ-ਵੱਖ ਦੇਸ਼ਾਂ ਵਿਚ ਵਸ ਰਹੇ ਪੰਜਾਬੀ ਅਤੇ ਗੁਰੂ ਨਾਨਕ ਨਾਮਲੇਵਾ ਸੰਗਤ ਗੁਰੂ ਕੀ ਨਗਰੀ ਦੇ ਦਰਸ਼ਨ ਕਰਨਾ ਚਾਹੁੰਦੀ ਹੈ ।ਤਾਂ ਉਹਨਾਂ ਨੂੰ ਦਿੱਲੀ ਤੋਂ ਚੜਣਾ ਅਤੇ ਉਤਰਨਾ ਪੈਂਦਾ ਹੈ। ਉਹਨਾਂ ਨੂੰ ਆਉਣ ਜਾਣ ਦੀ ਬੜੀ ਮੁਸ਼ਿਕਲ ਆਉਂਦੀ ਹੈ। ਇਸ ਲਈ ਅੱਜ ਯੂ.ਕੇ. ਰਾਸਾ ਦੀ ਟੀਮ ਨੇ ਮਾਨਯੋਗ ਟੀ.ਐਸ. ਸੰਧੂ ਸਾਬਕਾ ਅਬੈਂਸਟਰ ਯੂ.ਐਸ.ਏ. ਅਤੇ ਉਹਨਾਂ ਨਾਲ ਆਏ ਯੂ.ਐਸ.ਏ. ਤੋਂ ਕੰਪਨੀ ਦੇ ਡਾਇਰੈਕਟਰ ਪਾਸੋਂ ਮੰਗ ਕੀਤੀ ਕਿ ਭਾਰਤ ਸਰਕਾਰ ਦਾ ਰਾਬਤਾ ਕਾਇਮ ਕਰਕੇ ਗੁਰੂ ਕੀ ਨਗਰੀ ਅੰਮ੍ਰਿਤਸਰ ਵਿਖੇ ਐਮਬੈਂਸੀ ਦਾ ਦਫਤਰ ਖੌਲਿਆ ਜਾਵੇ ਅਤੇ ਗੁਰੂ ਕੀ ਨਗਰੀ ਅੰਮ੍ਰਿਤਸਰ ਵਿਚੋਂ ਸਿਧੀਆ ਉਡਾਣਾ ਭਰਨ ਦਾ ਪ੍ਰਬੰਧ ਕੀਤਾ ਜਾਵੇ ਤਾਂ ਕਿ ਮਾਂਝੇ ਦੀ ਸੰਗਤ ਨੂੰ ਪਰੇਸ਼ਾਨੀ ਨਾ ਆਵੇ। ਇਸ ਸਬੰਧ ਵਿਚ ਉਹਨਾਂ ਨੂੰ ਰਾਸਾ ਯੂ.ਕੇ. ਵਲੋਂ ਅੰਮ੍ਰਿਤਸਰ ਤਾਜ ਹੋਟਲ ਵਿਚ ਸਨਮਾਨਿਤ ਕੀਤਾ ਗਿਆ ਅਤੇ ਆਪਣੀ ਗੱਲ ਰੱਖੀ ਅਤੇ ਉਹਨਾਂ ਨੇ ਵਿਸ਼ਵਾਸ਼ ਦਿਵਾਇਆ ਕਿ ਸਾਡੀ ਗੱਲ ਚਲ ਰਹੀ ਹੈ ਬਹੁਤ ਜਲਦੀ ਇਸ ਸਬੰਧੀ ਫੈਸਲਾ ਆ ਜਾਵੇਗਾ। ਇਸ ਟੀਮ ਵਿਚ ਸ. ਹਰਪਾਲ ਸਿੰਘ ਯੂ.ਕੇ., ਸ. ਐਚ.ਐਸ. ਕਠਾਨੀਆ, ਸ੍ਰੀ ਰਵੀ ਪਠਾਨੀਆ, ਸ੍ਰੀ ਰਵੀ ਕੁਮਾਰ ਸ਼ਰਮਾ, ਸ੍ਰੀ ਸੰਜੀਵ ਸ਼ਰਮਾ, ਸ. ਪਲਵਿੰਦਰ ਸਿੰਘ ਆਦਿ ਇਹਨਾਂ ਮੈਂਬਰਾਂ ਨੇ ਉਹਨਾਂ ਨੂੰ ਸਨਮਾਨਿਤ ਕੀਤਾ ਤੇ ਆਪਣਾ ਪੱਖ ਰੱਖਿਆ ਅਤੇ ਫਿਰ ਉਹਨਾਂ ਨੇ ਸਮੱਸਿਆਵਾਂ ਨੂੰ ਜਲਦੀ ਹੱਲ ਕਰਨ ਦਾ ਵਿਸ਼ਵਾਸ਼ ਦਿਵਾਇਆ।

# ਕਿਸਾਨ ਮੋਰਚੇ ਵਲੋਂ ਭਾਜਪਾ ਨੂੰ ਬੇਨਕਾਬ ਕਰੋ, ਵਿਰੋਧ ਕਰੋ, ਸਜ਼ਾ ਦਿਓ' ਮੁਹਿੰਮ ਦਾ ਐਲਾਨ

### ਜਨ-ਮਹਾਂਪੰਚਾਇਤ ਪੁੱਛੇਗੀ ਕਿ ਕਿਸਾਨਾਂ ਨੂੰ ਦਿੱਲੀ ਜਾਣ ਤੋਂ ਕਿਉਂ ਰੋਕਿਆ ਗਿਆ?



**ਨਵੀਂ ਦਿੱਲੀ 3 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਪਿੰਡਾਂ ਵਿੱਚ ਛੋਟੇ ਵਪਾਰੀਆਂ, ਪੱਤਰਕਾਰਾਂ, ਪੇਸ਼ੇਵਰਾਂ, ਸੇਵਾਮੁਕਤ ਕਰਮਚਾਰੀਆਂ ਆਦਿ ਸਮੇਤ ਕਿਸਾਨਾਂ, ਮਜ਼ਦੂਰਾਂ, ਵਿਦਿਆਰਥੀਆਂ, ਨੌਜਵਾਨਾਂ, ਔਰਤਾਂ ਅਤੇ ਹੋਰ ਵਰਗਾਂ ਦੀਆਂ ਜਥੇਬੰਦੀਆਂ ਅਤੇ ਮੰਚਾਂ ਦੇ ਸਹਿਯੋਗ ਨਾਲ ਐਸ.ਕੇ.ਐਮ. ਜਨ ਮਹਾਂਪੰਚਾਇਤ ਬੁਲਾਉਣ ਦੀ ਮੰਗ ਕਰਦੇ ਹਨ। ਇਨ੍ਹਾਂ ਮਹਾਂਪੰਚਾਇਤਾਂ ਵਿੱਚ ਭਾਜਪਾ ਵੱਲੋਂ ਕਿਸਾਨਾਂ ਨੂੰ 2014 ਦੇ ਭਾਜਪਾ ਚੋਣ ਮਨੋਰਥ ਪੱਤਰ ਵਿੱਚ ਦਰਜ ਮੰਗਾਂ ਜਿਵੇਂ ਕਿ ਤਿੰਨ ਕਾਰਪੋਰੇਟ ਪੱਖੀ ਖੇਤੀ ਕਾਨੂੰਨਾਂ ਨੂੰ ਰੱਦ ਕਰਨਾ, ਫ਼ਸਲਾਂ ਦੀ ਲਾਗਤ ਤੋਂ ਡੇਢ ਗੁਣਾ ਘੱਟੋ-ਘੱਟ ਸਮਰਥਨ ਮੁੱਲ 'ਤੇ ਫ਼ਸਲਾਂ ਦੀ ਖ਼ਰੀਦ, ਕਰਜ਼ਾ ਦੇਣ ਲਈ ਕਿਹਾ ਜਾਣਾ ਚਾਹੀਦਾ ਹੈ। ਮੁਆਫੀ ਅਤੇ ਹੋਰ ਮੰਗਾਂ ਨੂੰ ਲੈ ਕੇ ਦਿੱਲੀ 'ਚ ਸ਼ਾਂਤਮਈ ਪ੍ਰਦਰਸ਼ਨ ਕਿਉਂ ਕਰਨਾ ਪਿਆ, ਜਿਸ ਨੂੰ ਮੋਦੀ ਸਰਕਾਰ ਨੇ ਰੋਕ ਦਿੱਤਾ। ਐਸਕੇਐਮ ਦੀ ਸਥਾਨਕ ਲੀਡਰਸ਼ਿਪ ਇਸ ਪ੍ਰੋਗਰਾਮ ਦੀ ਸਹੂਲਤ ਦੇਵੇਗੀ। ਸ਼ਾਂਤਮਈ ਢੰਗ ਨਾਲ ਰਾਜਧਾਨੀ ਵੱਲ ਮਾਰਚ ਕਰਦੇ ਹੋਏ ਮੋਦੀ ਸਰਕਾਰ ਵੱਲੋਂ ਕਿਸਾਨਾਂ ਨੂੰ ਦਿੱਲੀ ਦੀਆਂ ਸਰਹੱਦਾਂ 'ਤੇ ਰੋਕ ਲਿਆ ਗਿਆ ਅਤੇ ਕਿਸਾਨਾਂ ਨੇ ਉੱਥੇ ਹੀ ਵਿਰੋਧ ਸ਼ੁਰੂ ਕਰ ਦਿੱਤਾ, 13 ਮਹੀਨਿਆਂ ਤੱਕ ਚੱਲੇ ਅੰਦੋਲਨ 'ਚ 736 ਕਿਸਾਨ ਸ਼ਹੀਦ ਹੋ ਗਏ। ਚੁਣੀ ਹੋਈ ਸਰਕਾਰ 'ਤੇ ਦਬਾਅ ਪਾਉਣ ਲਈ ਸ਼ਾਂਤਮਈ ਪ੍ਰਦਰਸ਼ਨ ਕਰਨਾ ਨਾਗਰਿਕਾਂ ਦਾ ਜਮਹੂਰੀ ਅਧਿਕਾਰ ਹੈ, ਜਿਵੇਂ ਕਿ ਭਾਰਤ ਦੇ ਸੰਵਿਧਾਨ ਵਿੱਚ ਦਰਜ ਹੈ ਅਤੇ ਸੁਪਰੀਮ ਕੋਰਟ ਦੁਆਰਾ ਬਰਕਰਾਰ ਹੈ। ਦਿੱਲੀ ਪੁਲਿਸ ਨੇ ਦਿੱਲੀ ਦੇ ਨਿਜ਼ਾਮੂਦੀਨ ਰੇਲਵੇ ਸਟੇਸ਼ਨ 'ਤੇ ਕਰਨਾਟਕ ਦੇ 400 ਕਿਸਾਨਾਂ ਨੂੰ ਹਿਰਾਸਤ ਵਿੱਚ ਲਿਆ ਅਤੇ ਉਨ੍ਹਾਂ ਨੂੰ 14 ਮਾਰਚ, 2024 ਨੂੰ ਰਾਮਲੀਲਾ ਮੈਦਾਨ ਵਿੱਚ ਹੋਣ ਵਾਲੀ ਮਹਾਂਪੰਚਾਇਤ ਵਿੱਚ ਸ਼ਾਮਲ ਹੋਣ ਤੋਂ ਰੋਕ ਦਿੱਤਾ। ਦਿੱਲੀ ਪੁਲਿਸ ਨੇ ਦਿੱਲੀ ਦੇ ਗੁਰਦੁਆਰਿਆਂ ਨੂੰ ਕਿਸਾਨਾਂ ਨੂੰ ਲੰਗਰ ਦੀ ਸੇਵਾ ਜਾਂ ਪਨਾਹ ਨਾ ਦੇਣ ਦਾ ਹੁਕਮ ਦਿੱਤਾ ਅਤੇ ਇਸ ਤਰ੍ਹਾਂ ਗੁਰਦੁਆਰਿਆਂ ਨੂੰ ਮਨੁੱਖਤਾ ਦੀ ਨਿਰਸਵਾਰਥ ਸੇਵਾ ਦੀ ਮਹਾਨ ਪਰੰਪਰਾ ਨੂੰ ਕਾਇਮ ਰੱਖਣ ਤੋਂ ਰੋਕਿਆ ਗਿਆ। ਅੱਜ ਵੀ ਕਿਸਾਨ ਹਰਿਆਣਾ ਸਰਹੱਦ 'ਤੇ ਫਸੇ ਹੋਏ ਹਨ ਅਤੇ ਭਾਜਪਾ ਦੀ ਅਗਵਾਈ ਵਾਲੀ ਹਰਿਆਣਾ ਰਾਜ ਸਰਕਾਰ ਨੇ 21 ਫਰਵਰੀ 2024 ਨੂੰ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਦਾ ਕਤਲ ਕਰ ਦਿੱਤਾ ਸੀ। ਲਖੀਮਪੁਰ ਖੇੜੀ ਵਿੱਚ ਕਿਸਾਨਾਂ ਦੇ ਕਤਲ ਦੇ ਮੁੱਖ ਸਾਜ਼ਿਸ਼ਕਰਤਾ ਅਜੇ ਮਿਸ਼ਰਾ ਟੈਣੀ ਨੂੰ ਭਾਜਪਾ ਨੇ ਇੱਕ ਵਾਰ ਫਿਰ ਖੇੜੀ ਸੀਟ ਤੋਂ ਆਪਣਾ ਉਮੀਦਵਾਰ ਬਣਾਇਆ ਹੈ। ਪਿੰਡਾਂ ਵਿੱਚ ਪੋਸਟਰ ਅਤੇ ਬੈਨਰ ਲਗਾ ਕੇ ਭਾਜਪਾ ਤੋਂ ਇਹ ਸਵਾਲ ਪੁੱਛੇ ਜਾਣੇ ਚਾਹੀਦੇ ਹਨ। ਪ੍ਰਧਾਨ ਮੰਤਰੀ ਨੇ 13 ਮਹੀਨਿਆਂ ਦੇ ਲੰਮੇ ਇਤਿਹਾਸਕ ਕਿਸਾਨ ਸੰਘਰਸ਼ ਦੌਰਾਨ ਉਠਾਏ ਭਖਦੇ ਮੁੱਦਿਆਂ 'ਤੇ ਚਰਚਾ ਕਰਨ ਲਈ ਕਦੇ ਵੀ ਕਿਸਾਨ ਨੁਮਾਇੰਦਿਆਂ ਨੂੰ ਨਹੀਂ ਬੁਲਾਇਆ ਅਤੇ ਪਿਛਲੇ 10 ਸਾਲਾਂ ਦੇ ਸ਼ਾਸਨ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਤਾਨਾਸ਼ਾਹੀ ਪ੍ਰਵਿਰਤੀ ਨੂੰ ਨੰਗਾ ਕੀਤਾ ਹੈ। ਜਦੋਂ ਕਿ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਗਿਆ ਹੈ, ਮੋਦੀ ਸਰਕਾਰ ਨੇ ਕ੍ਰਮਵਾਰ ਦਿੱਲੀ ਅਤੇ ਝਾਰਖੰਡ ਦੇ ਮੁੱਖ ਮੰਤਰੀਆਂ ਅਰਵਿੰਦ ਕੇਜਰੀਵਾਲ ਅਤੇ ਹੇਮੰਤ ਸੋਰੇਨ ਸਮੇਤ ਵਿਰੋਧੀ ਪਾਰਟੀਆਂ ਦੇ ਨੇਤਾਵਾਂ ਨੂੰ ਗ੍ਰਿਫਤਾਰ ਕਰਨ ਅਤੇ ਜੇਲ ਭੇਜਣ ਦੀ ਹਿੰਮਤ ਕੀਤੀ ਹੈ ਅਤੇ ਵਿਰੋਧੀ ਸਿਆਸੀ ਪਾਰਟੀਆਂ ਦੇ ਖਾਤਿਆਂ ਵਿੱਚ ਟਰਾਂਸਫਰ 'ਤੇ ਪਾਬੰਦੀ ਲਗਾ ਦਿੱਤੀ ਹੈ।. ਡਾਇਰੈਕਟੋਰੇਟ ਆਫ ਚੇਂਜ ਲਟਕਦੇ ਮਾਮਲਿਆਂ 'ਤੇ ਵਿਰੋਧੀ ਸਿਆਸੀ ਪਾਰਟੀਆਂ ਦੇ ਉਮੀਦਵਾਰਾਂ ਨੂੰ ਤਲਬ ਕਰ ਰਿਹਾ ਹੈ, ਜਿਸ ਕਾਰਨ ਵਿਰੋਧੀ ਧਿਰ ਨੂੰ ਚੋਣਾਂ 'ਚ ਬਰਾਬਰ ਮੌਕੇ ਨਹੀਂ ਮਿਲ ਰਹੇ। ਇਹ ਸਥਿਤੀ ਸੰਵਿਧਾਨਕ ਸੰਸਥਾ, ਭਾਰਤੀ ਚੋਣ ਕਮਿਸ਼ਨ 'ਤੇ ਖਦਸ਼ਾ ਪੈਦਾ ਕਰਦੀ ਹੈ ਕਿ ਕੀ ਚੋਣਾਂ ਨਿਰਪੱਖ ਅਤੇ ਭਰੋਸੇਯੋਗ ਤਰੀਕੇ ਨਾਲ ਕਰਵਾਈਆਂ ਜਾਣਗੀਆਂ।

### ਨਿਊ ਫਲਾਵਰਜ ਪਬਲਿਕ ਸੀ.ਸੈ. ਸਕੂਲ ਦੇ ਵਿਦਿਆਰਥੀਆਂ ਨੇ

# ਪੰਜਾਬ ਸਕੂਲ ਸਿਖਿਆ ਬੋਰਡ ਦੇ ਪੰਜਵੀ ਦੀ ਪ੍ਰੀਖਿਆ ਵਿਚੋਂ ਮਾਰੀਆ ਮੱਲ੍ਹਾਂ



**ਚੌਕ ਮਹਿਤਾ 3 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਕੂਲ ਸਿਖਿਆ ਬੋਰਡ ਵਲੋਂ ਪੰਜਵੀ ਦੇ ਨਤੀਜੇ ਦਾ ਐਲਾਨ ਕੀਤਾ ਗਿਆ। ਜਿਸ ਵਿਚ ਨਿਊ ਫਲਾਵਰਜ ਪਬਲਿਕ ਸੀ.ਸੈ. ਸਕੂਲ, ਅੰਮ੍ਰਿਤਸਰ ਦੀ ਵਿਦਿਆਰਥਣ ਮਹਿਕਪ੍ਰੀਤ ਕੌਰ ਪੁੱਤਰੀ ਸ. ਜਤਿੰਦਰ ਸਿੰਘ ਪੰਜਵੀਂ ਦੀ ਪ੍ਰੀਖਿਆ ਵਿਚੋਂ 99% ਲੈ ਕੇ ਅਵੱਲ ਸਥਾਨ ਹਾਂਸਲ ਕੀਤਾ ਹੈ ਅਤੇ ਸਕੂਲ ਦੇ ਪੰਜਵੀ ਪ੍ਰੀਖਿਆ ਨਤੀਜੇ ਦੇ ਬਾਕੀ ਵਿਦਿਆਰਥੀਆ ਨੇ ਚੰਗੇ ਨੰਬਰ ਲੈ ਕੇ ਮੱਲਾ ਮਾਰੀਆਂ ਹਨ। ਕੁਲ ਹਾਜਰ ਵਿਦਿਆਰਥੀ 94 ਸਨ। ਜਿਨਾਂ ਵਿਚੋਂ ਇਕ ਵਿਦਿਆਰਥਣ ਮਹਿਕਪ੍ਰੀਤ ਕੌਰ ਨੇ 99% ਹਾਂਸਲ ਕੀਤੇ ਹਨ। ਜਦਕਿ ਇਕ ਵਿਦਿਆਰਥਣ ਖੁਸ਼ਪ੍ਰੀਤ ਕੌਰ ਨੇ 96.4% ਲੈ ਕੇ ਦੂਜਾ ਸਥਾਨ ਹਾਂਸਲ ਕੀਤਾ ਹੈ। ਗੁਰਲੀਨ ਕੌਰ ਅਤੇ ਬੁਸਰਾ ਖਾਨ ਨੇ 96% ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। 94 ਵਿਦਿਆਰਥੀਆਂ ਵਿਚੋਂ 61 ਬੱਚਿਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ। ਪੰਜਵੀਂ ਦਾ ਨਤੀਜਾ ਵਧੀਆਂ ਆਉਣ ਤੇ ਚੇਅਰਮੈਨ ਸ. ਹਰਪਾਲ ਸਿੰਘ ਯੂ.ਕੇ. ਅਤੇ ਪ੍ਰਿੰਸੀਪਲ ਸ੍ਰੀਮਤੀ ਕੁਲਵਿੰਦਰ ਕੌਰ ਜੀ ਨੇ ਸਮੂਹ ਵਿਦਿਆਰਥੀਆ ਅਤੇ ਉਹਨਾਂ ਦੇ ਮਾਪੇ ਅਤੇ ਸਮੂਹ ਸਕੂਲ ਸਟਾਫ ਨੂੰ ਵਧੀਆ ਨਤੀਜਾ ਆਉਣ ਤੇ ਵਧਾਈ ਦਿੱਤੀ। ਇਸਦਾ ਸੇਹਰਾ ਸਕੂਲ ਸਟਾਫ ਦੇ ਅਧਿਆਪਕਾਂ ਨੂੰ ਜਾਂਦਾ ਹੈ ਅਤੇ ਉਸ ਮਾਤਾ-ਪਿਤਾ ਨੂੰ ਜਾਂਦਾ ਹੈ । ਇਹਨਾਂ ਸਭ ਦੇ ਮਿਹਨਤ ਸਦਕਾ ਹੀ ਵਿਦਿਆਰਥੀਆਂ ਨੇ ਇਹ ਉਪਲਬੱਧੀ ਹਾਂਸਲ ਕੀਤੀ ਹੈ।

### ਸ਼੍ਰੀ ਗੁਰੂ ਰਾਮਦਾਸ ਸਕੂਲ ਦੀ ਪੰਜਵੀਂ ਜਮਾਤ ਦੇ

# ਤਿੰਨ ਵਿਦਿਆਰਥੀਆਂ ਸੌ ਫੀਸਦੀ ਅੰਕ ਪ੍ਰਾਪਤ ਕੀਤੇ



**ਚੌਕ ਮਹਿਤਾ, 3 ਅਪਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਪੰਜਵੀਂ ਜਮਾਤ ਦੇ ਨਤੀਜੇ ਵਿੱਚ ਸ਼੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 100 ਫੀਸਦੀ ਰਿਹਾ।ਪੰਜਵੀਂ ਪ੍ਰੀਖਿਆ ਵਿੱਚ ਅਪੀਅਰ ਹੋਏ ਬੱਚਿਆਂ ਵਿੱਚੋ 3 ਵਿਦਿਆਰਥੀ 100%, 10 ਵਿਦਿਆਰਥੀ 90% ਤੋਂ ਉੱਪਰ ਅਤੇ ਬਾਕੀ ਸਾਰੇ 85% ਤੋਂ ਉੱਪਰ ਅੰਕ ਪ੍ਰਾਪਤ ਕਰਕੇ ਪਾਸ ਹੋਏ, ਸਕੂਲ ਦੇ ਹੋਣਹਾਰ ਵਿਦਿਆਰਥੀ ਮਨੀਸ਼ਾ 100% , ਵਿਰਾਜ ਸ਼ੇਰ ਗਿੱਲ 100%, ਯਹੋਸਆ ਗਿੱਲ 100%, ਸਰਤਾਜਜੀਤ ਸਿੰਘ 99%, ਹਰਨੇਕ ਸਿੰਘ 98% ਅੰਕ ਪ੍ਰਾਪਤ ਕਰਕੇ ਉੱਪਰਲੇ ਸਥਾਨ ਹਾਸਿਲ ਕਰਦੇ ਹੋਏ ਸਕੂਲ ਦਾ ਨਾਮ ਰੋਸ਼ਨ ਕੀਤਾ, ਇਸ ਮੌਕੇ ਸਕੂਲ ਦੇ ਡਾਇਰੈਕਟਰ ਸ: ਸ਼ਿਵਚਰਨ ਸਿੰਘ, ਪ੍ਰਿੰਸੀਪਲ ਸ੍ਰੀਮਤੀ ਗੁਰਦੀਪ ਕੌਰ ਵਾਇਸ ਪ੍ਰਿੰਸੀਪਲ ਸ੍ਰੀ ਮਤੀ ਰਮਨਪ੍ਰੀਤ ਕੌਰ ਤੇ ਸ. ਅਜਮੇਰ ਸਿੰਘ ਅਤੇ ਸਮੂਹ ਸਟਾਫ਼ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ।

### ਸੀਵਰੇਜ਼ ਦੇ ਬਿੱਲਾਂ ਨੇ ਲੋਕਾਂ ਦਾ ਕੱਢਿਆ ਕੰਚੂਮਰ

# ਬਿਨ੍ਹਾਂ ਦੇਰੀ ਪੂਰੇ ਪੰਜਾਬ ਵਾਂਗ ਫ਼ਿਰੋਜ਼ਪੁਰ ਦੇ ਸੀਵਰੇਜ਼ ਬਿੱਲਾਂ ਵਿਚ ਵੀ ਹੋਵੇ ਇਕਸਾਰਤਾ—ਸੁਰਿੰਦਰ ਬੇਰੀ



**ਫ਼ਿਰੋਜ਼ਪੁਰ, 3 ਅਪ੍ਰੈਲ (ਮਨੋਹਰ ਲਾਲ) :—** ਕਲ ਸਹੂਲਤਾਂ ਦੇਣ ਦੇ ਵਾਅਦਿਆਂ ਨਾਲ ਸਤ੍ਹਾ ਪ੍ਰਾਪਤ ਕਰਨ ਵਾਲੀ ਭਗਵੰਤ ਸਿੰਘ ਮਾਨ ਦੀ ਸਰਕਾਰ ਦੇ ਕਾਰਜਕਾਲ ਵਿਚ ਸੀਵਰੇਜ਼ ਬੋਰਡ ਵੱਲੋਂ ਵਧਾਏ ਰੇਟਾਂ ਨੇ ਫ਼ਿਰੋਜ਼ਪੁਰ ਵਾਸੀਆਂ ਦਾ ਕੱਢਿਆ ਕੰਚੂਮਰ। ਇਹ ਵਿਚਾਰ ਸਾਂਝੇ ਕਰਦਿਆਂ ਖੱਤਰੀ ਵੈਲਫੇਅਰ ਸਭਾ ਫ਼ਿਰੋਜ਼ਪੁਰ ਦੇ ਜਨਰਲ ਸਕੱਤਰ ਸ੍ਰੀ ਸੁਰਿੰਦਰ ਬੇਰੀ ਨੇ ਸਪੱਸ਼ਟ ਕੀਤਾ ਕਿ ਫ਼ਿਰੋਜ਼ਪੁਰ ਵੀ ਪੰਜਾਬ ਦਾ ਹੀ ਜ਼ਿਲ੍ਹਾ ਹੈ, ਪਰ ਸਾਰੇ ਸੂਬੇ ਨਾਲੋਂ ਅਲੱਗ ਚਲਦਿਆਂ ਫ਼ਿਰੋਜ਼ਪੁਰ ਪ੍ਰਸ਼ਾਸਨ ਵੱਲੋਂ ਸੀਵਰੇਜ਼ ਦੇ ਰੇਟਾਂ ਵਿਚ ਅਥਾਹ ਵਾਧਾ ਕਰਦਿਆਂ ਜਿਥੇ ਆਮ ਲੋਕਾਂ ਨੂੰ ਪ੍ਰੇਸ਼ਾਨੀ ਦੇ ਆਲਮ ਵਿਚ ਡੋਬ ਦਿੱਤਾ ਹੈ, ਉਥੇ ਵਧੇ ਰੇਟਾਂ ਕਰਕੇ ਲੋਕਾਂ ਪਰ ਵਾਧੂ ਬੋਝ ਪਿਆ ਹੈ। ਗੱਲਬਾਤ ਕਰਦਿਆਂ ਸ੍ਰੀ ਬੇਰੀ ਨੇ ਸਪੱਸ਼ਟ ਕੀਤਾ ਕਿ ਸਦੀਆਂ ਤੋਂ ਸਰਕਾਰਾਂ ਵੱਲੋਂ ਬਾਰਡਰ ਏਰੀਏ ਦੇ ਲੋਕਾਂ ਨੂੰ ਵਿਸ਼ੇਸ਼ ਸਹੂਲਤਾਂ ਦਿੱਤੀਆਂ ਜਾ ਰਹੀਆਂ ਸਨ, ਪਰ ਬਦਲਾਅ ਦੇ ਨਾਅਰੇ ਹੇਠ ਸਤ੍ਹਾ ਵਿਚ ਆਈ ਇਸ ਸਰਕਾਰ ਦੇ ਖੌਫ ਤੋਂ ਸ਼ਾਇਦ ਅਧਿਕਾਰੀ ਬੇਖਬਰ ਹਨ, ਜਿਸ ਕਰਕੇ ਉਨ੍ਹਾਂ ਨੇ ਆਪਣੀ ਮਰਜ਼ੀ ਨਾਲ ਸੀਵਰੇਜ਼ ਦੇ ਰੇਟਾਂ ਵਿਚ ਵਧਾ ਕੇ ਲੋਕਾਂ ਦੀਆਂ ਜੇਬਾਂ ਭਰ ਵਾਧੂ ਭਾਰ ਪਾਇਆ ਹੈ। ਉਨ੍ਹਾਂ ਕਿਹਾ ਕਿ ਅੱਜ—ਕੱਲ ਹਰ ਗਲੀ—ਮੁਹੱਲੇ ਵਿਚ ਇਕ ਗੱਲ ਸਾਫ ਸੁਣਾਈ ਦਿੰਦੀ ਹੈ ਕਿ ਬਾਰਡਰ ਪਰ ਵਸਦਾ ਫ਼ਿਰੋਜ਼ਪੁਰ ਜ਼ਿਲ੍ਹਾ ਪ੍ਰਸ਼ਾਸਨ ਨੇ ਪਾਕਿਸਤਾਨ ਦਾ ਹਿੱਸਾ ਮੰਨ ਲਿਆ ਹੋਵੇ ਤਾਂ ਹੀ ਤਾਂ ਇਨ੍ਹਾਂ ਨੇ ਪੂਰੇ ਪੰਜਾਬ ਨਾਲੋਂ ਅਲੱਗ ਰੇਟ ਲਗਾ ਕੇ ਪਾਕਿਸਤਾਨ ਵਾਂਗ ਫ਼ਿਰੋਜ਼ਪੁਰ ਵਿਚ ਮਹਿੰਗਾਈ ਦਾ ਦੌਰ ਦਿਖਾਉਣ ਸ਼ੁਰੂ ਕਰ ਦਿੱਤਾ ਹੈ। ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਨੂੰ ਲੋਕਾਂ ਨਾਲ ਇਨਸਾਫ ਕਰਨ ਦੀ ਗੁਹਾਰ ਲਗਾਉਂਦਿਆਂ ਖੱਤਰੀ ਵੈਲਫੇਅਰ ਸਭਾ ਫ਼ਿਰੋਜ਼ਪੁਰ ਦੇ ਜਨਰਲ ਸਕੱਤਰ ਸੁਰਿੰਦਰ ਬੇਰੀ ਨੇ ਕਿਹਾ ਕਿ ਬਿਨ੍ਹਾਂ ਦੇਰੀ ਸੀਵਰੇਜ਼ ਦੇ ਬਿੱਲਾਂ ਵਿਚ ਕੀਤਾ ਅਥਾਹ ਵਾਧਾ ਵਾਪਸ ਲਿਆ ਜਾਵੇ ਅਤੇ ਜਿਨ੍ਹਾਂ ਲੋਕਾਂ ਤੋਂ ਵਧੇ ਰੇਟਾਂ ਅਨੁਸਾਰ ਬਿੱਲ ਉਗਰਾਹੇ ਗਏ ਹਨ, ਉਨ੍ਹਾਂ ਦੀ ਵਾਧੂ ਰਕਮ ਅਗਲੇ ਬਿੱਲਾਂ ਵਿਚ ਅਡਜਸਟ ਕੀਤੀ ਜਾਵੇ ਤਾਂ ਜ਼ੋ ਲੋਕਾਂ ਦੇ ਖ਼ੂਨ—ਪਸੀਨੇ ਦੀ ਕਮਾਈ ਅਜਾਈ ਨਾ ਜਾਵੇ। ਰੋਹ ਵਿਚ ਆਉਂਦਿਆਂ ਸ੍ਰੀ ਬੇਰੀ ਨੇ ਸਪੱਸ਼ਟ ਕੀਤਾ ਕਿ ਜੇਕਰ ਜਲਦ ਇਸ ਸਮੱਸਿਆ ਦਾ ਨਿਪਟਾਰਾ ਨਾ ਕੀਤਾ ਤਾਂ ਉਹ ਹੋਰ ਭਰਾਤਰੀ ਜਥੇਬੰਦੀਆਂ ਨੂੰ ਨਾਲ ਲੈ ਕੇ ਸੀਵਰੇਜ਼ ਬੋਰਡ, ਜ਼ਿਲ੍ਹਾ ਪ੍ਰਸ਼ਾਸਨ ਅਤੇ ਸੂਬਾ ਸਰਕਾਰ ਦਾ ਵਿਰੋਧ ਕਰਨਗੇ, ਜਿਸ ਤੋਂ ਨਿਕਲਣ ਵਾਲੇ ਗੰਭੀਰ ਸਿੱਟਿਆਂ ਦੀ ਜਿੰਮੇਵਾਰੀ ਸਬੰਧਤਾਂ ਦੀ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ



**ਚੌਕ ਮਹਿਤਾ, 3 ਅਪਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਚੂੰਘ ਦਾ ਪੰਜਵੀਂ ਦਾ ਨਤੀਜਾ ਸ਼ਾਨਦਾਰ ਰਿਹਾ। ਸਾਰੇ ਹੀ ਬੱਚੇ ਬਹੁਤ ਹੀ ਵਧੀਆ ਨੰਬਰਾਂ ਦੇ ਨਾਲ ਪਾਸ ਹੋਏ। ਹਰਲੀਨ ਕੌਰ ਨੇ 99.2% ਨੰਬਰ ਲੈ ਕੇ ਪਹਿਲਾ ਸਥਾਨ ਹਾਸਿਲ ਕੀਤਾ ਇਸ ਤੋਂ ਬਾਅਦ ਸੁਖਦੀਪ ਕੌਰ ਨੇ 98% ਨੰਬਰ ਲੈ ਕੇ ਦੂਸਰਾ ਸਥਾਨ ਹਾਸਲ ਕੀਤਾ ਅਤੇ ਰਵਨੀਤ ਕੌਰ ਨੇ 97.80% ਨੰਬਰ ਲੈ ਕੇ ਤੀਸਰਾ ਸਥਾਨ ਹਾਸਿਲ ਕੀਤਾ, ਇਹਨਾਂ ਤੋਂ ਇਲਾਵਾ ਤਕਰੀਬਨ 14 ਬੱਚੇ 90% ਤੋਂ ਉੱਪਰ ਨੰਬਰ ਲੈ ਕੇ ਪਾਸ ਹੋਏ ਅਤੇ ਬਾਕੀ ਸਾਰੀ ਕਲਾਸ ਦਾ ਨਤੀਜਾ ਵੀ ਬਹੁਤ ਸ਼ਾਨਦਾਰ ਰਿਹਾ। ਇਹ ਨਤੀਜਾ ਆਉਣ ਤੇ ਸਕੂਲ ਦੀ ਮੈਨੇਜਮੈਂਟ ਨੇ ਬੱਚਿਆਂ ਅਤੇ ਉਹਨਾਂ ਦੇ ਮਾਤਾ ਪਿਤਾ ਦਾ ਮੂੰਹ ਮਿੱਠਾ ਕਰਾਇਆ ਅਤੇ ਬੱਚਿਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਚੇਅਰਮੈਨ ਰਘਬੀਰ ਸਿੰਘ ਸੋਹਲ, ਡਾਇਰੈਕਟਰ ਤੇਜਬੀਰ ਸਿੰਘ ਸੋਹਲ, ਜਸਪ੍ਰੀਤ ਕੌਰ ਸੋਹਲ, ਪ੍ਰਿੰਸੀਪਲ ਮਨਤੇਸ਼ ਕੁਮਾਰ, ਪਰਮਿੰਦਰ ਕੌਰ, ਹਰਮਿੰਦਰ ਕੌਰ ਅਤੇ ਰਣਜੀਤ ਸਿੰਘ ਨਾਲ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।

# ਭਾਜਪਾ ਨੇ ਦਿੱਲੀ ਦੀ ਮੰਤਰੀ ਆਤਿਸ਼ੀ ਨੂੰ ਭੇਜਿਆ ਮਾਣਹਾਨੀ ਨੋਟਿਸ



**ਨਵੀਂ ਦਿੱਲੀ , 3 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਦਿੱਲੀ ਇਕਾਈ ਨੇ ਆਮ ਆਦਮੀ ਪਾਰਟੀ (ਆਪ) ਦੀ ਸੀਨੀਅਰ ਨੇਤਾ ਆਤਿਸ਼ੀ ਨੂੰ ਮਾਣਹਾਨੀ ਨੋਟਿਸ ਭੇਜਿਆ ਅਤੇ ਆਪਣੇ ਇਕ ਬੇਹੱਦ ਕਰੀਬੀ ਵਿਅਕਤੀ ਦੇ ਮਾਧਿਅਮ ਨਾਲ ਉਨ੍ਹਾਂ ਨੂੰ ਭਾਜਪਾ 'ਚ ਸ਼ਾਮਲ ਹੋਣ ਦੇ ਦਾਅਵੇ 'ਤੇ ਜਨਤਕ ਰੂਪ ਨਾਲ ਮੁਆਫ਼ੀ ਮੰਗਣ ਲਈ ਕਿਹਾ ਹੈ। ਦਿੱਲੀ ਸਰਕਾਰ 'ਚ ਮੰਤਰੀ ਆਤਿਸ਼ੀ ਨੇ ਇਕ ਦਿਨ ਪਹਿਲੇ ਦਾਅਵਾ ਕੀਤਾ ਸੀ ਕਿ ਉਨ੍ਹਾਂ ਦੇ ਸਮੇਤ 'ਆਪ' ਦੇ ਸੀਨੀਅਰ ਨੇਤਾਵਾਂ ਨੂੰ ਜਲਦ ਹੀ ਗ੍ਰਿਫ਼ਤਾਰ ਕੀਤਾ ਜਾਵੇਗਾ। ਆਤਿਸ਼ੀ ਨੇ ਇਹ ਵੀ ਦਾਅਵਾ ਕੀਤਾ ਸੀ ਕਿ ਉਨ੍ਹਾਂ ਨੂੰ ਜਾਂ ਤਾਂ ਭਾਜਪਾ 'ਚ ਸ਼ਾਮਲ ਹੋਣ ਜਾਂ ਫਿਰ ਇਕ ਮਹੀਨੇ ਅੰਦਰ ਇਨਫੋਰਸਮੈਂਟ ਡਾਇਰੈਕਟੋਰੇਟ ਈ.ਡੀ.) ਵਲੋਂ ਗ੍ਰਿਫ਼ਤਾਰ ਕੀਤੇ ਜਾਣ ਲਈ ਤਿਆਰ ਰਹਿਣ ਲਈ ਕਿਹਾ ਗਿਆ ਸੀ।

ਭਾਜਪਾ ਦੀ ਦਿੱਲੀ ਇਕਾਈ ਦੇ ਪ੍ਰਧਾਨ ਵੀਰੇਂਦਰ ਸਚਦੇਵਾ ਨੇ ਬੁੱਧਵਾਰ ਨੂੰ ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਆਤਿਸ਼ੀ ਨੂੰ ਮਾਣਹਾਨੀ ਨੋਟਿਸ ਭੇਜ ਦਿੱਤਾ ਗਿਆ ਹੈ ਅਤੇ ਉਨ੍ਹਾਂ ਤੋਂ ਆਪਣੇ ਦਾਅਵੇ ਲਈ ਜਨਤਕ ਰੂਪ ਨਾਲ ਮੁਆਫ਼ੀ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਕਿਹਾ,"ਆਤਿਸ਼ੀ ਸਬੂਤ ਦੇਣ 'ਚ ਅਸਫ਼ਲ ਰਹੀ ਕਿ ਉਨ੍ਹਾਂ ਨਾਲ ਕਿਸ ਨੇ, ਕਦੋਂ ਅਤੇ ਕਿਵੇਂ ਸੰਪਰਕ ਕੀਤਾ ਸੀ। ਦਿੱਲੀ 'ਚ 'ਆਪ' ਸੰਕਟ ਦਾ ਸਾਹਮਣਾ ਕਰ ਰਹੀ ਹੈ, ਜਿਸ ਕਾਰਨ ਉਹ ਨਾਰਾਜ਼ਗੀ 'ਚ ਇਸ ਤਰ੍ਹਾਂ ਦੇ ਝੂਠੇ ਅਤੇ ਗਲਤ ਦੋਸ਼ ਲਗਾ ਰਹੀ ਹੈ ਪਰ ਅਸੀਂ ਉਨ੍ਹਾਂ ਨੂੰ ਬਚ ਕੇ ਨਹੀਂ ਜਾਣ ਦੇਵਾਂਗੇ।" ਸਚਦੇਵਾ ਨੇ ਆਤਿਸ਼ੀ ਤੋਂ ਆਪਣੇ ਦਾਅਵੇ ਨੂੰ ਸਾਬਤ ਕਰਨ ਲਈ ਆਪਣਾ ਫ਼ੋਨ ਜਾਂਚ ਏਜੰਸੀ ਨੂੰ ਸੌਂਪਣ ਨੂੰ ਕਿਹਾ। ਭਾਜਪਾ ਦੀ ਦਿੱਲੀ ਇਕਾਈ ਦੇ ਵਕੀਲ ਨੇ ਕਿਹਾ ਕਿ ਪਾਰਟੀ ਨੇ ਆਤਿਸ਼ੀ ਨੂੰ ਆਪਣਾ ਬਿਆਨ ਵਾਪਸ ਲੈਣ ਲਈ ਮਾਣਹਾਨੀ ਨੋਟਿਸ ਭੇਜਿਆ ਹੈ। ਵਕੀਲ ਨੇ ਬਿਆਨ ਨੂੰ 'ਝੂਠਾ, ਅਪਮਾਨਜਨਕ ਅਤੇ ਮਨਗੜ੍ਹਤ' ਕਰਾਰ ਦਿੱਤਾ ਅਤੇ ਦਾਅਵਾ ਕੀਤਾ ਕਿ ਇਹ ਬਿਆਨ 'ਗਲਤ ਇਰਾਦੇ' ਨਾਲ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਜੇਕਰ ਆਤਿਸ਼ੀ ਆਪਣੇ ਦਾਅਵੇ ਨੂੰ ਸਾਬਿਤ ਕਰਨ 'ਚ ਅਸਫ਼ਲ ਰਹਿੰਦੀ ਹੈ ਤਾਂ ਉਨ੍ਹਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਅਕਾਲੀ ਆਗੂ ਸਿਕੰਦਰ ਸਿੰਘ ਮਲੂਕਾ ਦੀ ਨੂੰਹ ਨੇ IAS ਦੇ ਅਹੁਦੇ ਤੋਂ ਦਿੱਤਾ ਅਸਤੀਫ਼ਾ, ਹੋ ਸਕਦੇ ਨੇ ਭਾਜਪਾ 'ਚ ਸ਼ਾਮਲ





**ਜਲੰਧਰ, 3 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਆਗਾਮੀ ਲੋਕ ਸਭਾ ਚੋਣਾਂ ਦੌਰਾਨ ਸਿਆਸੀ ਉਥਲ-ਪੁਥਲ ਲਗਾਤਾਰ ਜਾਰੀ ਹੈ। ਪਾਰਟੀਆਂ ਦੇ ਉਮੀਦਵਾਰਾਂ ਦਾ ਪਾਰਟੀਆਂ ਬਦਲ ਕੇ ਦੂਜੀ ਪਾਰਟੀ 'ਚ ਸ਼ਾਮਲ ਹੋਣਾ ਅਤੇ ਪਾਰਟੀਆਂ ਵੱਲੋਂ ਆਪਣੇ ਉਮੀਦਵਾਰਾਂ ਦਾ ਐਲਾਨ ਕਰਨ ਦਾ ਸਿਲਸਿਲਾ ਵੀ ਲਗਾਤਾਰ ਜਾਰੀ ਹੈ। ਅਜਿਹੇ 'ਚ ਇਕ ਹੋਰ ਖ਼ਬਰ ਸਾਹਮਣੇ ਆ ਰਹੀ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਿਕੰਦਰ ਸਿੰਘ ਮਲੂਕਾ ਦੀ ਨੂੰਹ ਪਰਮਪਾਲ ਕੌਰ ਸਿੱਧੂ, ਜੋ ਕਿ ਆਈ.ਏ.ਐੱਸ. ਅਫ਼ਸਰ ਸਨ, ਨੇ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ। ਜਾਣਕਾਰੀ ਮੁਤਾਬਕ ਉਹ ਭਾਜਪਾ 'ਚ ਸ਼ਾਮਲ ਹੋ ਸਕਦੇ ਹਨ ਤੇ ਇਸ ਵਾਰ ਲੋਕ ਸਭਾ ਚੋਣਾਂ 'ਚ ਆਪਣਾ ਹੱਥ ਆਜ਼ਮਾ ਸਕਦੇ ਹਨ। ਉਨ੍ਹਾਂ ਦੇ ਅਹੁਦੇ ਤੋਂ ਅਸਤੀਫ਼ਾ ਦੇਣ ਤੋਂ ਬਾਅਦ ਇਹ ਵੀ ਕਿਆਸ ਲਗਾਏ ਜਾ ਰਹੇ ਹਨ ਕਿ ਉਹ ਭਾਜਪਾ 'ਚ ਸ਼ਾਮਲ ਹੋ ਕੇ ਚੋਣ ਮੈਦਾਨ 'ਚ ਉਤਰਨਗੇ ਅਤੇ ਬਠਿੰਡਾ ਤੋਂ ਉਮੀਦਵਾਰ ਹੋ ਸਕਦੇ ਹਨ।

ਪੰਜਾਬ ਦੀ ਜਵਾਨੀ ਨੂੰ ਹੁਣ ਵਿਦੇਸ਼ਾਂ ਵਿਚ ਰੁਲਨ ਨਹੀਂ ਦਿਆਂਗੇ : ਤਰਨਜੀਤ ਸਿੰਘ ਸੰਧੂ ਸਮੁੰਦਰੀ

# ਅੰਮ੍ਰਿਤਸਰ 'ਚ ਰੁਜ਼ਗਾਰ ਦੇ ਮੌਕੇ ਪੈਦਾ ਕਰਨਾ ਹੀ ਮੇਰਾ ਮਨੋਰਥ









## ਯੂਨੀਵਰਸਿਟੀ ਅਤੇ ਸਥਾਨਕ ਕਾਲਜਾਂ ਦੇ ਵਿਦਿਆਰਥੀਆਂ ਨੂੰ ਕੀਤਾ ਸੰਬੋਧਨ

**ਅੰਮ੍ਰਿਤਸਰ, 3 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਅੰਮ੍ਰਿਤਸਰ ਲੋਕ ਸਭਾ ਹਲਕੇ ਲਈ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ 'ਚ ਭਾਰਤ ਦੇ ਰਾਜਦੂਤ ਰਹੇ ਸ. ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਯੂਨੀਵਰਸਿਟੀ ਅਤੇ ਸਥਾਨਕ ਕਾਲਜਾਂ ਦੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਆਪਣੇ ਵਿਜ਼ਨ ਬਾਰੇ ਕਿਹਾ ਕਿ ਸਿੱਖਿਆ ਦੇ ਨਵੀਨਤਮ ਰੁਝਾਨਾਂ, ਵਧ ਰਹੇ ਸਟਾਰਟਅੱਪ ਈਕੋਸਿਸਟਮ ਅਤੇ ਅੰਮ੍ਰਿਤਸਰ ਖੇਤਰ ਵਿੱਚ ਆਰਥਿਕ ਵਿਕਾਸ ਲਈ ਰੁਜ਼ਗਾਰ ਦੇ ਹੋਰ ਮੌਕੇ ਪੈਦਾ ਕਰਨਾ ਹੀ ਮੇਰਾ ਮਨੋਰਥ ਹੈ। ਉਨ੍ਹਾਂ ਨੌਜਵਾਨਾਂ ਦੀ ਹੋਰ ਜਾਣਨ ਦੀ ਉਤਸੁਕਤਾ ਅਤੇ ਸਵਾਲਾਂ ਬਾਰੇ ਸੁਚੇਤਤਾ ਦੀ ਤਾਰੀਫ਼ ਕੀਤੀ।ਉਨ੍ਹਾਂ ਕਿਹਾ ਕਿ ਨੌਜਵਾਨ ਤੇ ਵਿਦਿਆਰਥੀਆਂ ਦਾ ਉਤਸ਼ਾਹ ਅਤੇ ਜਨੂਨ ਸੱਚ ਹੀ ਕਾਬਲ- ਏ-ਤਾਰੀਫ਼ ਹੈ। ਵਿਦਿਆਰਥੀਆਂ ਦੇ ਸਹਿਯੋਗ ਲਈ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਸਮਾਂ ਤੇਜ਼ੀ ਨਾਲ ਬਦਲ ਰਿਹਾ ਹੈ। ਪੱਛਮ ਹੁਣ ਪੂਰਬ ਵੱਖ ਦੇਖ ਰਿਹਾ ਹੈ। ਹੁਨਰਮੰਦ ਨੌਜਵਾਨਾਂ ਨੂੰ ਅੱਗੇ ਵਧਣ ਕਈ ਮੌਕੇ ਹਨ। ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਕੰਪਨੀਆਂ ਨੂੰ ਚੰਗੇ ਹੁਨਰਮੰਦ ਲੋਕ ਨਹੀਂ ਮਿਲਦੇ। ਤੁਹਾਨੂੰ ਕੰਪਨੀਆਂ ਵਿਚ ਇੰਟਰਨਸ਼ਿਪ ਕਰਨ ਦੀ ਜ਼ਰੂਰਤ ਹੈ,ਅਸੀਂ ਮਦਦ ਕਰਾਂਗੇ। ਉਨ੍ਹਾਂ ਨਵੀਂ ਪੀੜੀ ਨੂੰ ਬਦਲਵੇਂ ਪ੍ਰਬੰਧਾਂ ਬਾਰੇ ਜਾਣੂ ਕਰਾਉਂਦਿਆਂ ਕਿਹਾ ਕਿ ਡਿੱਗਰੀਆਂ ਨਾਲ ਹੀ ਨਹੀਂ ਪਰ ਸਕਿੱਲ ਤੋਂ ਬਿਨਾਂ ਅੱਗੇ ਨਹੀਂ ਵਧਿਆ ਜਾ ਸਕਦਾ। ਸਾਬਕਾ ਰਾਜਦੂਤ ਸ. ਤਰਨਜੀਤ ਸਿੰਘ ਸੰਧੂ ਨੇ ਵਿਦਿਆਰਥੀਆਂ ਦੀ ਉਮੀਦ ਜਗਾਉਂਦਿਆਂ ਕਿਹਾ ਕਿ ਤੁਹਾਨੂੰ ਆਪਣੇ ਆਪ 'ਤੇ ਭਰੋਸਾ ਕਰਨਾ ਹੋਵੇਗਾ। ਆਪਾਂ ਸਾਥ ਮਿਲ ਕੇ ਕੰਮ ਕਰਾਂਗੇ। ਤੁਹਾਡੇ ਸੁਪਨੇ ਜ਼ਰੂਰ ਪੂਰੇ ਹੋਣਗੇ ਤੇ ਕਾਮਯਾਬੀ ਤੁਹਾਡੇ ਕਦਮ ਚੁੰਮੇਗੀ।

ਉਨ੍ਹਾਂ ਕਿਹਾ ਪੰਜਾਬ ਦੀ ਜਵਾਨੀ ਨੂੰ ਹੁਣ ਵਿਦੇਸ਼ਾਂ ਵਿਚ ਰੁਲਨ ਨਹੀਂ ਦਿਆਂਗੇ। ਨਾ ਹੀ ਮੈਕਸੀਕੋ ਬਾਡਰ 'ਤੇ ਕਿਸੇ ਨੌਜਵਾਨ ਨੂੰ ਹਾਦਸੇ ਦਾ ਸ਼ਿਕਾਰ ਹੋਣ ਦਿਆਂਗੇ। ਉਨ੍ਹਾਂ ਕਿਹਾ ਕਿ ਤਜਰਬਾ ਵੰਡਣ ਲਈ ਮੈਂ ਤੁਹਾਡੇ ਵਿਚ ਹਰ ਵਕਤ ਹਾਜ਼ਰ ਹਾਂ। ਉਹਨਾਂ ਕਿਹਾ ਕਿ ਮੈਂ ਨੂੰ ਉਮੀਦ ਹੈ ਕਿ ਮੇਰੇ ਪੁਰਾਣੇ ਸੰਬੰਧ ਅਮਰੀਕੀ ਕੰਪਨੀਆਂ ਨੂੰ ਇਥੇ ਲਿਆਉਣ 'ਚ ਕੰਮ ਆਵੇਗਾ। ਉਨ੍ਹਾਂ ਕਿਹਾ ਕਿ ਹਰਿਆਣਾ ਅਤੇ ਹੋਰਨਾਂ ਰਾਜਾਂ ਦੀਆਂ ਕੁੜੀਆਂ ਖੇਡਾਂ ਵਿਚ ਅੱਗੇ ਨਿਕਲ ਰਹੀਆਂ ਹਨ ਤਾਂ ਆਪਾਂ ਪਿੱਛੇ ਕਿਉਂ ਹਾਂ ? ਦੋ ਸ਼ਾਲ ਬਾਅਦ ਅੰਮ੍ਰਿਤਸਰ ਵਿਚ ਆਈ ਪੀ ਐੱਲ ਮੈਚ ਹੋਣਗੇ। ਅੰਮ੍ਰਿਤਸਰ ਵਿਚ ਸਪੋਰਟਸ ਨੂੰ ਮੁੜ ਖੜ੍ਹਾ ਕੀਤਾ ਜਾਵੇਗਾ। ਅੰਮ੍ਰਿਤਸਰ ਦੇ ਇਲਾਕੇ 'ਚ ਵਿਆਪਾਰ ਅਤੇ ਨੌਜਵਾਨਾਂ ਦੀ ਤਰੱਕੀ ਲਈ ਅਨੇਕਾਂ ਅਵਸਰਾਂ ਦੀਆਂ ਭਵਿੱਖੀ ਯੋਜਨਾਵਾਂ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਸਾਡਾ ਮਕਸਦ ਪੰਜਾਬ ਦੇ ਨੌਜਵਾਨਾਂ ਨੂੰ ਵਿਸ਼ਵ ਬਾਜ਼ਾਰ ਦੀ ਮੰਗ ਮੁਤਾਬਕ ਨਵੀਨ ਤਕਨੀਕੀ ਗਿਆਨ ਵਾਲੀ ਬਿਹਤਰੀਨ ਸਿੱਖਿਆ ਦੇਣ ਲਈ ਪੰਜਾਬ ਵਿੱਚ ਹੀ ਪ੍ਰਬੰਧ ਕਰਨਾ ਹੈ ਤਾਂ ਕਿ ਨੌਜਵਾਨ ਬਾਹਰਲੀਆਂ ਕੰਪਨੀਆਂ ਵਿੱਚ ਆਪਣੇ ਦੇਸ਼ ਵਿੱਚ ਰਹਿ ਕੇ ਚੰਗੀਆਂ ਤਨਖ਼ਾਹਾਂ ਵਾਲੀਆਂ ਨੌਕਰੀਆਂ ਪ੍ਰਾਪਤ ਕਰ ਸਕਣ। ਕਿਹਾ ਕਿ ਬਾਹਰਲੀਆਂ ਕੰਪਨੀਆਂ ਅੰਮ੍ਰਿਤਸਰ ਵਿੱਚ ਆਪਣੇ ਪ੍ਰੋਜੈਕਟ ਲਗਾਉਣ ਲਈ ਤਿਆਰ ਬੈਠੀਆਂ ਹਨ ਜਿਸ ਦਾ ਇਲਾਕਾ ਨਿਵਾਸੀਆਂ ਨੂੰ ਜਲਦ ਹੀ ਫ਼ਾਇਦਾ ਦਵਾ ਕੇ ਅੰਮ੍ਰਿਤਸਰ ਨੂੰ ਹਰ ਪੱਖ ਤੋਂ ਵਧੀਆ ਤਰੀਕੇ ਨਾਲ ਵਿਕਸਤ ਅਤੇ ਖ਼ੁਸ਼ਹਾਲ ਬਣਾਇਆ ਜਾਵੇਗਾ।

ਸਰਦਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਭਾਰਤ ਅੱਜ ਇੱਕ ਉੱਭਰਦੀ ਵਿਸ਼ਵ ਸ਼ਕਤੀ ਬਣ ਰਿਹਾ ਹੈ ਤਾਂ ਇਸ ਵਿਚ ਨੌਜਵਾਨਾਂ ਦੀ ਬਹੁਤ ਵੱਡੀ ਭੂਮਿਕਾ ਰਹੀ ਹੈ। ਆਉਣ ਵਾਲੇ ਸਾਲਾਂ ਵਿੱਚ ਭਾਰਤ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਬਣਨ ਪਿੱਛੇ ਸਭ ਤੋਂ ਵੱਡੀ ਤਾਕਤ ਸਾਡੀ ਨੌਜਵਾਨਾਂ ਅਬਾਦੀ ਦਾ ਹੈ। ਅੱਜ ਸਾਰੇ ਯੂਰਪੀ ਦੇਸ਼ਾਂ ਦੀ ਆਬਾਦੀ ਬੁੱਢੀ ਹੋ ਰਹੀ ਹੈ। ਭਾਰਤ ਦੇ 1.40 ਕਰੋੜ ਲੋਕਾਂ ਵਿੱਚੋਂ 50% ਤੋਂ ਵੱਧ ਨੌਜਵਾਨ ਹਨ।

ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅਸੀਂ ਆਪਣੇ ਅੰਮ੍ਰਿਤਸਰ ਅਤੇ ਪੰਜਾਬ ਨੂੰ ਵੀ ਖ਼ੁਸ਼ਹਾਲ ਅਤੇ ਬੁਲੰਦੀਆਂ 'ਤੇ ਲੈ ਕੇ ਜਾਣਾ ਹੈ। ਪੰਜਾਬੀ ਨੌਜਵਾਨਾਂ ਵਿੱਚ ਸਮਰੱਥਾ ਹੈ, ਉਨ੍ਹਾਂ ਦੀ ਸੋਚ ਬਦਲਣ ਅਤੇ ਉਨ੍ਹਾਂ ਨੂੰ ਸੇਧ ਦੇਣ ਦੀ ਲੋੜ ਹੈ। ਅੰਮ੍ਰਿਤਸਰ ਦੀ ਖੇਤੀਬਾੜੀ ਉਪਜ, ਦਸਤਕਾਰੀ, ਰਸੋਈ ਆਦਿ ਨੂੰ ਵਿਸ਼ਵ ਪੱਧਰ 'ਤੇ ਮਾਨਤਾ ਦੇ ਕੇ ਵਿਸ਼ਵ ਸਪਲਾਈ ਲੜੀ ਦਾ ਹਿੱਸਾ ਬਣਾਉਣ ਦੀ ਲੋੜ ਹੈ। ਅੰਮ੍ਰਿਤਸਰ ਦੇ ਰਾਜਾਸਾਂਸੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਕਾਰਗੋ ਸਹੂਲਤ ਦੀ ਵਰਤੋਂ ਕਰਨੀ ਪਵੇਗੀ। ਅੱਜ ਉਹ ਸਮਾਂ ਆ ਗਿਆ ਹੈ ਜਦੋਂ ਭਾਰਤੀ ਵਿਦੇਸ਼ਾਂ ਤੋਂ ਆਪਣੀ ਮਾਤ ਭੂਮੀ ਨੂੰ ਪਰਤਣਗੇ। ਨੌਜਵਾਨਾਂ ਨੂੰ ਸੁਚੇਤ ਕਰਨ ਦੀ ਲੋੜ ਹੈ ਕਿ ਬਾਹਰ ਜਾਣ ਦੀ ਇਹ ਕਾਹਲੀ ਜਲਦੀ ਖ਼ਤਮ ਹੋਣ ਵਾਲੀ ਹੈ। ਕਿਉਂਕਿ ਭਾਰਤੀ ਅਰਥਵਿਵਸਥਾ ਇੱਕ ਬੇਮਿਸਾਲ ਅਤੇ ਕ੍ਰਾਂਤੀਕਾਰੀ ਸਕਾਰਾਤਮਿਕ ਪੜਾਅ ਵਿੱਚ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਬੀਬੀਆਂ ਵੱਲੋਂ ਚੱਲ ਰਹੇ ਮਹਾਂ ਸੰਪਟ ਸਾਹਿਬ ਜੀ ਦੇ ਪਾਏ ਭੋਗ





ਫ਼ਿਰੋਜ਼ਪੁਰ, 3 ਅਪ੍ਰੈਲ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਬੀਬੀਆਂ ਵੱਲੋਂ ਚੱਲ ਰਹੇ ਮਹਾਂ ਸੰਪਟ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਮੌਕੇ ਤੇ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਭਾਈ ਗੁਰਮੇਲ ਸਿੰਘ ਅਰਜਨ, ਭਾਈ ਜ਼ੋਗਾ ਸਿੰਘ, ਭਾਈ ਰਮਨਦੀਪ ਸਿੰਘ, ਭਾਈ ਚੰਨ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਰਾਗੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਕਥਾ ਕਰਦਿਆਂ ਆਖਿਆ ਕਿ ਨਾਮ ਜਪਣ ਨਾਲ ਪ੍ਰਾਣੀ ਨੂੰ ਨਾ ਤਾਂ ਅੱਗ ਡਰਾ ਸਕਦੀ ਹੈ ਅਤੇ ਨਾ ਹੀ ਪਾਣੀ ਅਤੇ ਨਾ ਹੀ ਹਵਾ ਡਰਾ ਸਕਦੀ ਹੈ। ਇਸ ਨਾਮ ਜਪਣ ਵਿਚ ਸਾਨੂੰ ਅਟਲ ਵਿਸਵਾਸ਼ ਹੋਣਾ ਚਾਹੀਦਾ ਹੈ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਅੱਗੇ ਕਿਹਾ ਕਿ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਨੇ ਸਾਨੂੰ ਸ਼ਬਦ ਬਾਣੀ ਨਾਲ ਜੁੜਣ ਦਾ ਹੋਕਾ ਦਿੱਤਾ ਅਤੇ ਧੰਨ—ਧੰਨ ਬਾਬਾ ਨੰਦ ਸਿੰਘ ਜੀ ਨੇ ਉਨ੍ਹਾਂ ਦੇ ਸ਼ਬਦ ਤੇ ਅਮਲ ਕੀਤਾ ਅਤੇ ਉਨ੍ਹਾਂ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਤੱਖ ਦਰਸ਼ਨ ਕੀਤੇ, ਨਾਮ ਜਪਣ ਨਾਲ ਤੁਹਾਡੇ ਸਾਰੇ ਦੁੱਖ ਵਾਹਿਗੁਰੂ ਜੀ ਆਪ ਸਹਾਈ ਹੋ ਕੇ ਦੁੱਖ ਦੂਰ ਕਰਦਾ ਹੈ ਅਤੇ ਤੁਹਾਨੂੰ ਕਿਸੇ ਚੀਜ ਦੀ ਕੋਈ ਥੋੜ ਨਹੀਂ ਰਹਿਣ ਦਿੰਦਾ। ਉਸ ਉਪਰ ਅਟਲ ਵਿਸਵਾਸ਼ ਹੋਣਾ ਚਾਹੀਦਾ ਹੈ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਅੱਗੇ ਕਿਹਾ ਕਿ ਸਾਨੂੰ ਸਤਸੰਗ ਕਰਨ ਨਾਲ ਬਹੁਤ ਫਲਾਂ ਦੀ ਪ੍ਰਾਪਤੀ ਹੁੰਦੀ ਹੈ ਅਤੇ ਸਤਿਸੰਗ ਕਰਮਾਂ ਨਾਲ ਮਿਲਦਾ ਹੈ, ਇਸ ਕਰਕੇ ਵੱਧ ਤੋਂ ਵੱਧ ਨਾਮ ਸਿਮਰਨ ਕਰੋ ਅਤੇ ਉਠਦੇ ਬੈਠਦੇ ਜਦੋਂ ਵੀ ਤੁਹਾਨੂੰ ਸਮਾਂ ਮਿਲੇ ਗੁਰਬਾਣੀ ਦਾ ਪਾਠ ਕਰੋ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ ਜੀ, ਭਾਈ ਜ਼ਸਵੀਰ ਸਿੰਘ ਜ਼ਸੂ ਵੀ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਅੰਮ੍ਰਿਤਸਰ ਦਿਹਾਤੀ ਤੋਂ

# ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਵੱਡੀ ਲੀਡ ਨਾਲ ਜਿੱਤਣਗੇ

### ਅੰਮ੍ਰਿਤਸਰ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਕਰਨ ਦਾ ਸਮਾਂ - ਤਰਨਜੀਤ ਸਿੰਘ ਸੰਧੂ

**ਅੰਮ੍ਰਿਤਸਰ, 3 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣ ਸਰਗਰਮੀਆਂ ਦੌਰਾਨ ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਦੇ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਨੂੰ ਭਾਜਪਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਸਾਬਕਾ ਵਿਧਾਇਕ ਸ. ਮਨਜੀਤ ਸਿੰਘ ਮੰਨਾ, ਸਾਬਕਾ ਵਿਧਾਇਕ ਤੇ ਵਿਧਾਨ ਸਭਾ ਹਲਕਾ ਅਜਨਾਲਾ ਦੇ ਇੰਚਾਰਜ ਅਮਰਪਾਲ ਸਿੰਘ ਬੋਨੀ ਅਜਨਾਲਾ, ਸਾਬਕਾ ਸੀਨੀਅਰ ਡਿਪਟੀ ਮੇਅਰ ਅਜੇਬੀਰ ਪਾਲ ਸਿੰਘ ਰੰਧਾਵਾ, ਰਾਜਾਸਾਂਸੀ ਵਿਧਾਨ ਸਭਾ ਹਲਕਾ ਇੰਚਾਰਜ ਮੁਖਵਿੰਦਰ ਸਿੰਘ ਮਾਹਲ, ਮਜੀਠਾ ਹਲਕੇ

ਆਵਾਜ਼ਿ ਕੌਮ AWAZE QAUM International Newspaper & WEB TV

ਦੇ ਇੰਚਾਰਜ ਪ੍ਰਦੀਪ ਸਿੰਘ ਭੁੱਲਰ ਅਤੇ ਅਟਾਰੀ ਹਲਕੇ ਦੇ ਆਗੂ ਸੁਸ਼ੀਲ ਦੇਵਗਨ ਨੇ ਭਰੋਸਾ ਦਿੱਤਾ ਹੈ ਕਿ ਇਸ ਵਾਰ ਅੰਮ੍ਰਿਤਸਰ ਦਿਹਾਤੀ ਤੋਂ ਭਾਜਪਾ ਉਮੀਦਵਾਰ ਵੱਡੇ ਫਰਕ ਨਾਲ ਜਿੱਤਣਗੇ। ਆਗੂਆਂ ਨੇ ਕਿਹਾ ਕਿ ਸਰਦਾਰ ਤਰਨਜੀਤ ਸਿੰਘ ਸੰਧੂ ਦੇ ਸਾਫ਼ ਸੁਥਰੇ ਅਕਸ ਨੇ ਲੋਕਾਂ ਵਿੱਚ ਵਿਸ਼ਵਾਸ਼ ਪੈਦਾ ਕੀਤਾ ਹੈ। ਅੰਮ੍ਰਿਤਸਰ ਦੇ ਵਿਕਾਸ ਲਈ ਲੋਕਾਂ ਨੇ ਭਾਜਪਾ ਦਾ ਸਾਥ ਦੇਣ ਦਾ ਮਨ ਬਣਾ ਲਿਆ ਹੈ। ਆਗੂਆਂ ਨੇ ਐਲਾਨ ਕੀਤਾ ਕਿ ਉਹ ਸੰਧੂ ਨੂੰ ਜਿਤਾਉਣ ਲਈ ਦਿਨ ਰਾਤ ਮਿਹਨਤ ਕਰਨਗੇ। ਆਗੂਆਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਲੋਕ ਪੱਖੀ ਅਤੇ ਵਿਕਾਸ ਪੱਖੀ ਨੀਤੀਆਂ ਦੇ ਮੱਦੇਨਜ਼ਰ ਲੋਕ ਭਾਜਪਾ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਨ ਦਾ ਪ੍ਰਣ ਲੈ ਰਹੇ ਹਨ ਅਤੇ ਭਾਰਤੀ ਜਨਤਾ ਪਾਰਟੀ ਦੇ 400 ਤੋਂ ਵੱਧ ਉਮੀਦਵਾਰਾਂ ਨੂੰ ਹਰਾ ਕੇ ਇਤਿਹਾਸਕ ਜਿੱਤ ਦਰਜ ਕਰਨਗੇ ਆਗੂਆਂ ਨੇ ਕਿਹਾ ਕਿ ਭਾਜਪਾ ਦੇ ਵਿਕਾਸ ਮਾਡਲ ਨਾਲ ਆਪਣੇ ਇਲਾਕੇ ਦੇ ਵਿਕਾਸ ਅਤੇ ਗੁਰੂ ਨਗਰੀ ਨੂੰ ਉੱਚਾ ਚੁੱਕਣ ਲਈ ਇਲਾਕਾ ਨਿਵਾਸੀਆਂ ਵਿੱਚ ਭਾਰੀ ਉਤਸ਼ਾਹ ਹੈ। ਹਰ ਭਾਜਪਾ ਵਰਕਰ ਇਸ ਚੋਣ ਨੂੰ ਜਿੱਤਣ ਲਈ ਦ੍ਰਿੜ ਹੈ।



ਇਸ ਮੌਕੇ ਸ੍ਰੀ ਸੰਧੂ ਨੇ ਸਰਦਾਰ ਸੰਧੂ ਨੇ ਭਾਜਪਾ ਆਗੂਆਂ ਨਾਲ ਚੋਣ ਰਣਨੀਤੀ ਬਾਰੇ ਚਰਚਾ ਕੀਤੀ ਅਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਦੀ ਦੂਰਅੰਦੇਸ਼ੀ ਸੋਚ ਸਦਕਾ ਦੇਸ਼ ਵਿੱਚ ਕਰੋੜਾਂ ਰੁਪਏ ਦੇ ਪ੍ਰਾਜੈਕਟ ਚੱਲ ਰਹੇ ਹਨ ਅਤੇ ਹੁਣ ਸਮਾਂ ਆ ਗਿਆ ਹੈ ਕਿ ਅੰਮ੍ਰਿਤਸਰ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਦਾ ਨਵਾਂ ਦੌਰ ਸ਼ੁਰੂ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪ੍ਰਾਜੈਕਟਾਂ ਦਾ ਜ਼ਮੀਨੀ ਕੰਮ ਜਲਦੀ ਹੀ ਲਾਗੂ ਕਰ ਦਿੱਤਾ ਜਾਵੇਗਾ। ਸਰਦਾਰ ਸੰਧੂ ਨੇ ਆਗੂਆਂ ਵੱਲੋਂ ਦਿੱਤੇ ਸਹਿਯੋਗ ਅਤੇ ਵਿਸ਼ੇਸ਼ ਸੁਝਾਵਾਂ ਲਈ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਵਾਅਦਾ ਕੀਤਾ ਕਿ ਅੰਮ੍ਰਿਤਸਰ ਨੂੰ ਤਰੱਕੀ, ਖੁਸ਼ਹਾਲੀ, ਤਕਨੀਕੀ ਵਿਕਾਸ, ਭਾਈਚਾਰਕ ਸਾਂਝ, ਨਸ਼ਾ ਮੁਕਤੀ, ਅਮਨ-ਕਾਨੂੰਨ ਦੀ ਸਥਾਪਤੀ, ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ, ਸਿਹਤ ਸੇਵਾਵਾਂ ਅਤੇ ਇਸ ਲਈ ਅਣਥੱਕ ਕੰਮ ਕਰਨਗੇ। ਸ਼ਹਿਰ ਦੀ ਸਫ਼ਾਈ ਅਤੇ ਗੁਰੂ ਨਗਰੀ ਨੂੰ ਵਿਸ਼ਵ ਦੇ ਨਕਸ਼ੇ 'ਤੇ ਚਮਕਾਉਣ ਲਈ ਕੇਂਦਰ ਤੋਂ ਵਿਸ਼ੇਸ਼ ਪੈਕੇਜ ਲੈ ਕੇ ਸ਼ਾਨਦਾਰ ਇਤਿਹਾਸ ਰਚਾਂਗਾ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਾਸੀਆਂ ਦਾ ਸਹਿਯੋਗ, ਸਮਰਥਨ ਅਤੇ ਭਰੋਸਾ ਹੀ ਮੇਰੀ ਤਾਕਤ ਹੈ। ਅਸੀਂ ਜ਼ਮੀਨੀ ਪੱਧਰ ਤੋਂ ਅੰਮ੍ਰਿਤਸਰ ਦਾ ਮੁੜ ਨਿਰਮਾਣ ਕਰਨਾ ਹੈ। ਆਓ ਅੰਮ੍ਰਿਤਸਰ ਨੂੰ ਇਸਦੀ ਅਸਲੀ ਸ਼ਾਨ ਵਿੱਚ ਬਹਾਲ ਕਰੀਏ ਅਤੇ ਇਸਨੂੰ ਇੱਕ ਸੈਰ-ਸਪਾਟਾ ਕੇਂਦਰ ਵਿੱਚ ਬਦਲੀਏ ਜੋ ਹਰ ਕਿਸੇ ਨੂੰ ਯਾਦਗਾਰੀ ਅਨੁਭਵ ਪ੍ਰਦਾਨ ਕਰਦਾ ਹੈ। ਅੰਮ੍ਰਿਤਸਰ ਨੂੰ ਇੱਕ ਸ਼ਾਨਦਾਰ ਨਵੀਂ ਪਛਾਣ ਦੇਣ ਲਈ, ਅਸੀਂ ਇਲਾਕੇ ਨੂੰ ਨਸ਼ਿਆਂ ਅਤੇ ਅਪਰਾਧਾਂ ਤੋਂ ਮੁਕਤ ਕਰਨ ਅਤੇ ਸ਼ਹਿਰ ਵਿੱਚ ਸ਼ਾਂਤੀ ਅਤੇ ਸੁਰੱਖਿਆ ਨੂੰ ਬਹਾਲ ਕਰਨ ਲਈ ਕਾਨੂੰਨ ਅਤੇ ਵਿਵਸਥਾ ਨੂੰ ਮਜ਼ਬੂਤ ਕਰਾਂਗੇ, ਤਾਂ ਜੋ ਵੱਧ ਤੋਂ ਵੱਧ ਸੈਲਾਨੀ ਬਿਨਾਂ ਕਿਸੇ ਚਿੰਤਾ ਦੇ ਇਸ ਖੇਤਰ ਵਿੱਚ ਆਉਣ। ਇਸ ਮੌਕੇ ਉਕਤ ਭਾਜਪਾ ਆਗੂਆਂ ਨੇ ਪਾਰਟੀ ਦੀ ਮਜ਼ਬੂਤੀ ਲਈ ਹਮੇਸ਼ਾ ਯਤਨਸ਼ੀਲ ਰਹਿਣ ਦਾ ਪ੍ਰਣ ਕੀਤਾ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ 1 ਜੂਨ ਨੂੰ ਕਮਲ ਦੇ ਚੋਣ ਨਿਸ਼ਾਨ 'ਤੇ ਮੋਹਰ ਲਗਾ ਕੇ ਸਰਦਾਰ ਤਰਨਜੀਤ ਸਿੰਘ ਸੰਧੂ ਨੂੰ ਜਿਤਾਉਣ।

## ਦੀਨਾਨਗਰ 'ਚ ਵੱਡਾ ਹਾਦਸਾ

# ਸੀਵਰੇਜ ਦੀ ਸਫਾਈ ਕਰਦੇ ਗੈਸ ਚੜ੍ਹਨ ਕਾਰਨ ਇੱਕ ਮਜ਼ਦੂਰ ਦੀ ਮੌਤ

**ਦੀਨਾਨਗਰ, 3 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)** - ਗੁਰਦਾਸਪੁਰ ਦੇ ਦੀਨਾਨਗਰ 'ਚ ਵੱਡਾ ਹਾਦਸਾ ਵਾਪਰਨ ਦੀ ਖ਼ਬਰ ਮਿਲੀ ਹੈ। ਮਿਲੀ ਜਾਣਕਾਰੀ ਮੁਤਾਬਕ ਦੀਨਾਨਗਰ ਦੇ ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅਧੀਨ ਆਉਂਦੇ ਪਿੰਡ ਚਾਵਾ 'ਚ ਸੀਵਰੇਜ ਦੀ ਸਫ਼ਾਈ ਕਰਦੇ ਸਮੇਂ ਗੈਸ 'ਚੜ੍ਹਨ ਕਾਰਨ ਇਕ ਮਜ਼ਦੂਰ ਦੀ ਮੌਤ

ਆਵਾਜ਼ਿ ਕੌਮ AWAZE QAUM International Newspaper & WEB TV



ਹੋ ਗਈ ਅਤੇ ਦੋ ਮਜ਼ਦੂਰਾਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਸੀਵਰੇਜ ਦੀ ਸਫ਼ਾਈ ਕਰਦੇ ਸਮੇਂ ਦਿਮਾਗ. ਨੂੰ ਜ਼ਿਹਰੀਲੀ ਗੈਸ ਚੜ੍ਹਨ ਕਾਰਨ ਤਿੰਨ ਪ੍ਰਵਾਸੀ ਮਜ਼ਦੂਰ ਬੇਹੋਸ਼ ਹੋ ਗਏ। ਪਿੰਡ ਦੇ ਲੋਕਾਂ ਵੱਲੋਂ ਬੜੀ ਜੱਦੋ-ਜ਼ਿਹਦ ਕਰਕੇ ਸੀਵਰੇਜ ਵਿੱਚੋਂ ਬਾਹਰ ਕੱਢ ਕੇ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਦਾਖ਼ਲ ਕਰਵਾਇਆ ਪਰ ਇਲਾਜ ਦੌਰਾਨ ਇਕ ਪ੍ਰਵਾਸੀ ਮਜ਼ਦੂਰ ਦੀ ਮੌਤ ਹੋ ਗਈ। ਜਦਕਿ ਇਕ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਜਿਸ ਨੂੰ ਇਕ ਨਿੱਜੀ ਹਸਪਤਾਲ ਵਿਚ ਲਿਜਾਇਆ ਗਿਆ ਹੈ ਅਤੇ ਦੂਜੇ ਦਾ ਸਿਵਲ ਹਸਪਤਾਲ ਵਿੱਚ ਇਲਾਜ ਕੀਤਾ ਜਾ ਰਿਹਾ ਹੈ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਪਰਿਵਾਰਕ ਮੈਂਬਰਾਂ ਨੀਰੂ ਜ਼ਿਲ੍ਹਾ ਭਰਤਪੁਰ (ਰਾਜਸਥਾਨ) ਨੇ ਦੱਸਿਆ ਕਿ ਉਹ ਇਲਾਕੇ ਅੰਦਰ ਪਿੰਡਾਂ ਵਿੱਚ ਸਫ਼ਾਈ ਦਾ ਕੰਮਕਾਰ ਕਰਦੇ ਹਨ। ਉਨ੍ਹਾਂ ਨੇ ਦੱਸਿਆ ਕਿ ਬੁੱਧਵਾਰ ਨੂੰ ਉਸ ਦਾ ਪਤੀ ਕਨ੍ਹਈਆ ਪਿੰਡ ਚਾਵਾ ਵਿੱਚ ਸੀਵਰੇਜ ਦੀ ਸਫ਼ਾਈ ਕਰ ਰਿਹਾ ਸੀ। ਇਸ ਦੌਰਾਨ ਦਿਮਾਗ 'ਚ ਜ਼ਹਿਰੀਲੀ ਗੈਸ ਚੜ੍ਹਨ ਕਾਰਨ ਉਹ ਬੇਹੋਸ਼ ਹੋ ਗਿਆ। ਇਸ ਤੋਂ ਬਾਅਦ ਜਦੋਂ ਉਸ ਦਾ ਭਤੀਜਾ ਨੇਵੀ ਅਤੇ ਮੇਰਾ ਭਰਾ ਮੋਨੂੰ ਵੀ ਕਨ੍ਹੱਈਆ ਨੂੰ ਬਚਾਉਣ ਲਈ ਸੀਵਰੇਜ ਵਿੱਚ ਵੜ ਗਏ ਤਾਂ ਉਹ ਦੋਵੇਂ ਵੀ ਬੇਹੋਸ਼ ਹੋ ਗਏ। ਜਦੋਂ ਉਨ੍ਹਾਂ ਨੇ ਤਿੰਨਾਂ ਨੇ ਰੌਲਾ ਪਾਇਆ ਤਾਂ ਆਲੇ-ਦੁਆਲੇ ਘਰਾਂ ਵਿੱਚ ਰਹਿਣ ਵਾਲੇ ਪਿੰਡ ਦੇ ਲੋਕ ਇਕੱਠੇ ਹੋ ਗਏ ਅਤੇ ਕਿਸੇ ਤਰ੍ਹਾਂ ਤਿੰਨਾਂ ਨੂੰ ਬਾਹਰ ਕੱਢ ਕੇ ਸਿਵਲ ਹਸਪਤਾਲ ਪਹੁੰਚਾਇਆ, ਜਿੱਥੇ ਇਲਾਜ ਦੌਰਾਨ ਉਸ ਦੇ ਪਤੀ ਕੱਨ੍ਹਈਆ ਦੀ ਮੌਤ ਹੋ ਗਈ। ਜਦਕਿ ਉਸ ਦੇ ਭਤੀਜੇ ਨਵੀ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ, ਜਿਨ੍ਹਾਂ ਦਾ ਡਾਕਟਰ ਵੱਲੋਂ ਇਲਾਜ ਕੀਤਾ ਜਾ ਰਿਹਾ ਹੈ ਉਧਰ ਇਸ ਘਟਨਾ ਦੀ ਸੂਚਨਾ ਮਿਲਦਿਆਂ ਹੀ ਦੀਨਾਨਗਰ ਤਹਿਸੀਲਦਾਰ ਗੁਰਮੇਲ ਸਿੰਘ ਵੱਲੋਂ ਸਾਰੀ ਘਟਨਾ ਦੀ ਸਥਿਤੀ ਦਾ ਜਾਇਜ਼ਾ ਲਿਆ ਜਾ ਰਿਹਾ ਹੈ। ਸੂਚਨਾ ਪਾ ਕੇ ਮੌਕੇ ਉਤੇ ਪਹੁੰਚੀ ਪੁਲਸ ਨੇ ਘਟਨਾ ਦਾ ਜਾਇਜ਼ਾ ਲਿਆ ਅਤੇ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਦਿਨ-ਦਿਹਾੜੇ ਮੋਬਾਇਲ ਵਾਲੀ ਦੁਕਾਨ ਤੋਂ ਫੋਨ ਚੁੱਕ ਰਫੂ-ਚੱਕਰ ਹੋਏ 2 ਛਾਤਰ ਨੌਜਵਾਨ

ਦੀਨਾਨਗਰ, 3 ਅਪ੍ਰੈਲ (**ਆਵਾਜ਼ਿ ਕੌਮ ਬਿਊਰੋ**) - ਬਹਿਰਾਮਪੁਰ ਇਲਾਕੇ ਵਿਚ ਉਸ ਸਮੇਂ ਸਨਸਨੀ ਫੈਲ ਗਈ, ਜਦੋਂ ਦੋ ਨੌਜਵਾਨ ਮੋਬਾਇਲ ਵਾਲੀ ਦੁਕਾਨ ਤੋਂ ਫੋਨ ਲੈ ਕੇ ਰਫੂ-ਚੱਕਰ ਹੋ ਗਏ। ਦੁਕਾਨਦਾਰ ਵਲੋਂ ਪਿੱਛਾ ਕਰਨ 'ਤੇ ਉਹ ਹੱਥ ਨਾ ਆਏ। ਇਸ ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਸ ਮੌਕੇ 'ਤੇ ਪਹੁੰਚ ਗਈ, ਜਿਸ ਵਲੋਂ ਕਾਰਵਾਈ ਕੀਤੀ ਜਾ ਰਹੀ ਹੈ।ਮਿਲੀ ਜਾਣਕਾਰੀ ਅਨੁਸਾਰ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਪੁਲਸ ਸਟੇਸ਼ਨ ਬਹਿਰਾਮਪੁਰ ਤੋਂ ਕੁਝ ਦੂਰੀ 'ਤੇ ਇੱਕ ਚੈਚਲ ਮੋਬਾਇਲ ਨਾਮ ਦੀ ਦੁਕਾਨ ਤੋਂ ਛਾਤਰ ਨੌਜਵਾਨ ਦੁਕਾਨ ਦੇ ਅੰਦਰ ਨਵਾਂ ਮੋਬਾਇਲ ਖਰੀਦਣ ਲਈ ਆਉਂਦੇ ਹਨ। ਇਸ ਦੌਰਾਨ ਇੱਕ ਸਾਥੀ ਦੁਕਾਨ ਦੇ ਬਾਹਰ ਮੋਟਰਸਾਈਕਲ 'ਤੇ ਖੜ੍ਹਾ ਰਹਿੰਦਾ ਹੈ। ਦੁਕਾਨਦਾਰ ਕੋਲੋਂ ਵੱਖ-ਵੱਖ ਤਰ੍ਹਾਂ ਦੇ ਤਿੰਨ-ਚਾਰ ਮੋਬਾਈਲ ਵੇਖ ਕੇ ਉਹ ਇੱਕ ਮੋਬਾਈਲ ਨੂੰ ਪਸੰਦ ਕਰ ਲੈਂਦੇ ਹਨ। ਇਸ ਦੌਰਾਨ ਨੌਜਵਾਨ ਬਾਹਰ ਖੜ੍ਹੇ ਨੌਜਵਾਨ ਨੂੰ ਵਾਰ-ਵਾਰ ਦੁਕਾਨ ਦੇ ਅੰਦਰ ਮੋਬਾਇਲ ਵੇਖਣ ਲਈ ਆਵਾਜ਼ ਲਗਾਉਂਦਾ ਹੈ ਪਰ ਉਹ ਦੁਕਾਨ ਦੇ ਅੰਦਰ ਨਹੀਂ ਆਉਂਦਾ। ਫਿਰ ਉਹ ਖੁਦ ਹੀ ਉਸ ਨੂੰ ਮੋਬਾਈਲ ਵਿਖਾਉਣ ਲਈ ਦੁਕਾਨ ਤੋਂ ਬਾਹਰ ਚੱਲਿਆ ਜਾਂਦਾ ਹੈ ਮੌਕਾ ਦੇਖ ਕੇ ਦੋਵੇਂ ਨੌਜਵਾਨ ਫੋਨ ਲੈ ਕੇ ਅਚਾਨਕ ਮੋਟਰਸਾਈਕਲ ਦੇ ਪਿੱਛੇ ਬੈਠ ਕੇ ਰਫੂ ਚੱਕਰ ਹੋ ਜਾਂਦੇ ਹਨ। ਜਦੋਂ ਦੁਕਾਨਦਾਰ ਇਹਨਾਂ ਦੇ ਮਗਰ ਦੌੜ ਕੇ ਫੜਨ ਦੀ ਕੋਸ਼ਿਸ਼ ਕਰਦਾ ਹੈ ਤਾਂ ਉਹ ਫ਼ਰਾਰ ਹੋਣ ਵਿੱਚ ਸਫਲ ਹੋ ਜਾਂਦੇ ਹਨ। ਮੋਟਰਸਾਈਕਲ ਦੀ ਨੰਬਰ ਪਲੇਟ 'ਤੇ ਨੰਬਰ ਨਾ ਲਿਖੇ ਹੋਣ ਕਰਕੇ ਦੁਕਾਨਦਾਰ ਇੱਧਰ ਉੱਧਰ ਝਾਕ ਕੇ ਵਾਪਸ ਆ ਜਾਂਦਾ ਹੈ। ਇਹ ਸਾਰੀ ਘਟਨਾ ਦੁਕਾਨ ਅੰਦਰ ਲੱਗੇ ਸੀਸੀਟੀਵੀ ਕੈਮਰਾ ਵਿੱਚ ਕੈਦ ਹੋ ਜਾਂਦੀ ਹੈ। ਇਸ ਮੌਕੇ ਦੁਕਾਨਦਾਰ ਨੇ ਪੁਲਿਸ ਪ੍ਰਸ਼ਾਸਨ ਕੋਲੋਂ ਗੁਹਾਰ ਲਗਾਈ ਹੈ ਕਿ ਇਹਨਾਂ ਚੋਰਾਂ ਨੂੰ ਜਲਦ ਤੋਂ ਜਲਦ ਕਾਬੂ ਕੀਤਾ ਜਾਵੇ ਤਾਂ ਕਿ ਮੇਰੇ ਨਾਲ ਦਿਨ ਦਿਹਾੜੇ ਹੋਈ ਇਸ ਲੁੱਟ-ਖਸੁੱਟ ਦਾ ਮੈਨੂੰ ਇਨਸਾਫ ਮਿਲ ਸਕੇ।

